ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਐਤਵਾਰ, 28 ਜਨਵਰੀ 2024 (ਨਾਨਕਸ਼ਾਹੀ ਸੰਮਤ : ੫੫੪, ੧੫ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਸੂਬੇ ’ਚ ‘ਸੜਕ ਸੁਰੱਖਿਆ ਫੋਰਸ’ ਦੀ ਸ਼ੁਰੂਆਤ

# ਅਜਿਹਾ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ ‘ਪੰਜਾਬ’

**ਚੰਡੀਗੜ੍ਹ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੂਬੇ ’ਚ ਸੜਕ ਹਾਦਸੇ ਘਟਾ ਕੇ ਸਾਲਾਨਾ 3000 ਦੇ ਕਰੀਬ ਬਹੁਮੁੱਲੀਆਂ ਮਨੁੱਖੀ ਜਾਨਾਂ ਬਚਾਉਣ ਦੇ ਉਦੇਸ਼ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦੇਸ਼ ਦੀ ਪਹਿਲੀ ‘ਸੜਕ ਸੁਰੱਖਿਆ ਫੋਰਸ’ ਦੇ 129 ਹਾਈ-ਟੈੱਕ ਵਾਹਨਾਂ ਨੂੰ ਝੰਡੀ ਵਿਖਾ ਕੇ ਰਵਾਨਾ ਕੀਤਾ। ਪੀ. ਏ. ਪੀ. ਗਰਾਊਂਡ ਵਿਖੇ ਇਸ ਫੋਰਸ ਦੀ ਸ਼ੁਰੂਆਤ ਕਰਨ ਲਈ ਰੱਖੇ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਲਈ ਅੱਜ ਇਹ ਇਤਿਹਾਸਕ ਪਲ ਹਨ ਕਿਉਂਕਿ ਲੋਕਾਂ ਨੂੰ ਸੁਰੱਖਿਅਤ ਰੱਖਣ ਲਈ ਸਮਰਿਪਤ ਫੋਰਸ ਦੀ ਸ਼ੁਰੂਆਤ ਕਰਨ ਵਾਲਾ ਪੰਜਾਬ ਪਹਿਲਾ ਸੂਬਾ ਬਣ ਗਿਆ ਹੈ ਜਿਸ ਨਾਲ ਲੋਕਾਂ ਦੀ ਜਾਨ ਬਚਾਈ ਜਾ ਸਕੇਗੀ। ਉਨ੍ਹਾਂ ਕਿਹਾ ਕਿ ਇਸ ਫੋਰਸ ਦੇ ਗਠਨ ਅਤੇ ਉਸ ਤੋਂ ਬਾਅਦ ਲੋਕਾਂ ਨੂੰ ਸਮਰਪਿਤ ਕਰਨ ’ਚ ਸਾਰੇ ਅਧਿਕਾਰੀਆਂ ਨੇ ਅਹਿਮ ਰੋਲ ਅਦਾ ਕੀਤਾ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਫੋਰਸ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਅਤੇ ਆਵਾਜਾਈ ਦੀ ਵਿਵਸਥਾ ਨੂੰ ਸੁਚਾਰੂ ਬਣਾਉਣ ’ਚ ਬਹੁਤ ਵੱਡਾ ਰੋਲ ਅਦਾ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਇਸ ਫੋਰਸ ਦੇ ਗਠਨ ਦਾ ਵਿਚਾਰ ਰਾਤੋਂ-ਰਾਤ ਨਹੀਂ ਆਇਆ ਸਗੋਂ ਇਸ ਗੰਭੀਰ ਸਮੱਸਿਆ ਦੇ ਗੰਭੀਰ ਸਵੈ-ਪੜਚੋਲ ਦਾ ਨਤੀਜਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੰਸਦ ਮੈਂਬਰ ਵਜੋਂ ਉਨ੍ਹਾਂ ਨੇ ਲੋਕ ਸਭਾ ’ਚ ਸੜਕ ਹਾਦਸਿਆਂ ਦਾ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਇਆ ਸੀ ਕਿਉਂਕਿ ਇਨ੍ਹਾਂ ਹਾਦਸਿਆਂ ਕਾਰਨ ਸੂਬੇ ’ਚ ਰੋਜ਼ਾਨਾ 12 ਮੌਤਾਂ ਹੁੰਦੀਆਂ ਸਨ। ਉਨ੍ਹਾਂ ਕਿਹਾ ਕਿ ਉਦੋਂ ਤੋਂ ਹੀ ਉਨ੍ਹਾਂ ਦੇ ਮਨ ’ਚ ਇਹ ਸੋਚ ਸੀ ਕਿ ਜਦੋਂ ਕਦੇ ਸੂਬੇ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਤਾਂ ਲੋਕਾਂ ਦੀ ਜਾਨ ਬਚਾਉਣ ਲਈ ਸਮਰਪਿਤ ਫੋਰਸ ਬਣਾਈ ਜਾਵੇਗੀ ਅਤੇ ਅੱਜ ਉਨ੍ਹਾਂ ਦਾ ਇਹ ਸੁਪਨਾ ਸਾਕਾਰ ਹੋ ਗਿਆ ਹੈ।



**ਪੰਜਾਬ ਨੂੰ ਸਭ ਤੋਂ ਸੁਰੱਖਿਅਤ ਸੂਬਾ ਬਣਾਉਣ ਵੱਲ ਢੁਕਵਾਂ ਕਦਮ :** ਮੁੱਖ ਮੰਤਰੀ ਨੇ ਕਿਹਾ ਕਿ ਇਸ ਫੋਰਸ ਦੇ ਗਠਨ ਨਾਲ ਪੁਲਸ ਦੇ ਜਵਾਨ ਆਪਣੀ ਪੁਲਸ ਡਿਊਟੀ ਨੂੰ ਹੋਰ ਵੀ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਅ ਸਕਣਗੇ। ਉਨ੍ਹਾਂ ਕਿਹਾ ਕਿ ਜਿਹੜੇ ਵਾਹਨ ਇਸ ਫੋਰਸ ਨੂੰ ਦਿੱਤੇ ਗਏ ਹਨ, ਉਹ ਵਾਹਨ ਦੁਨੀਆ ਭਰ ਦੇ ਸਭ ਤੋਂ ਵਧੀਆ ਵਾਹਨਾਂ ’ਚੋਂ ਇੱਕ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਐੱਸ.ਐੱਸ.ਐੱਫ. ਆਮ ਵਿਅਕਤੀ ਦੀ ਜਾਨ ਬਚਾਉਣ ਲਈ ਅਹਿਮ ਭੂਮਿਕਾ ਨਿਭਾਏਗੀ ਅਤੇ ਹੁਣ ਤੋਂ ਐੱਸ.ਐੱਸ.ਐੱਫ. ਦੇ ਕੰਮਕਾਜ ਦੀ ਪੜਚੋਲ ਕਰਨ ਲਈ ਹਰ ਮਹੀਨੇ ਦੇ ਅੰਕੜਿਆਂ ਦਾ ਅਧਿਐਨ ਕੀਤਾ ਜਾਵੇਗਾ ਅਤੇ ਹਰ ਮਹੀਨੇ ਤੋਂ ਬਾਅਦ ਅੰਕੜੇ ਲੋਕਾਂ ਨਾਲ ਸਾਂਝੇ ਕੀਤੇ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਫੋਰਸ ਦਾ ਗਠਨ ਸੜਕ ਹਾਦਸਿਆਂ ਦੇ ਸਬੰਧ ’ਚ ਪੰਜਾਬ ਨੂੰ ਸਭ ਤੋਂ ਸੁਰੱਖਿਅਤ ਸੂਬਾ ਬਣਾਉਣ ਵੱਲ ਢੁਕਵਾਂ ਕਦਮ ਹੈ। ਉਨ੍ਹਾਂ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਸੂਬੇ ਅਤੇ ਇੱਥੋਂ ਦੇ ਲੋਕਾਂ ਦੀ ਭਲਾਈ ਲਈ ਵਡੇਰੇ ਜਨਤਕ ਹਿੱਤ ’ਚ ਇਹ ਮਨੋਰਥ ਪ੍ਰਾਪਤ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਐੱਸ.ਐੱਸ.ਐੱਫ. ਦੇ ਸਟਾਫ਼ ਨੂੰ ਵੀ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਆਪਣੀ ਡਿਊਟੀ ਹੋਰ ਵਧੇਰੇ ਇਮਾਨਦਾਰੀ ਅਤੇ ਸਮਰਪਿਤ ਭਾਵਨਾ ਨਾਲ ਨਿਭਾਉਣ ਲਈ ਆਖਿਆ।

## ਐਮਰਜੈਂਸੀ ਇਲਾਜ ਮੁਹੱਈਆ ਕਰਵਾਉਣ ਲਈ ਪੂਰੀ ਮੈਡੀਕਲ ਕਿੱਟ

ਮੁੱਖ ਮੰਤਰੀ ਨੇ ਕਿਹਾ ਕਿ ਆਪਣੀ ਕਿਸਮ ਦੀ ਪਹਿਲੀ ਵਿਸ਼ੇਸ਼ ਫੋਰਸ ਪੰਜਾਬ ’ਚ ਰੋਜ਼ਾਨਾ ਸੜਕ ਹਾਦਸਿਆਂ ਵਿੱਚ ਗੁਆਚ ਰਹੀਆਂ ਕਈ ਕੀਮਤੀ ਜਾਨਾਂ ਨੂੰ ਬਚਾਉਣ ਲਈ ਸਹਾਈ ਹੋਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਾਹਨਾਂ ’ਚ ਕਿਸੇ ਵੀ ਲੋੜਵੰਦ ਵਿਅਕਤੀ ਨੂੰ ਐਮਰਜੈਂਸੀ ਇਲਾਜ ਮੁਹੱਈਆ ਕਰਵਾਉਣ ਲਈ ਪੂਰੀ ਮੈਡੀਕਲ ਕਿੱਟ ਵੀ ਹੋਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਨੂੰ ਸਮੇਂ ਸਿਰ ਲੋੜੀਂਦੀ ਡਾਕਟਰੀ ਸਹਾਇਤਾ ਮਿਲਣ ਨੂੰ ਯਕੀਨੀ ਬਣਾਉਣ ਲਈ ਫੋਰਸ ਨੂੰ ਟਰੌਮਾ ਸੈਂਟਰਾਂ ਨਾਲ ਜੋੜਿਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਵਾਪਰਦੇ ਸੜਕ ਹਾਦਸਿਆਂ ਵਿੱਚ ਰੋਜ਼ਾਨਾ ਰੋਜ਼ਾਨਾ 14 ਦੇ ਕਰੀਬ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਸੜਕਾਂ ਦੀ ਸੁਚੱਜੀ ਵਿਵਸਥਾ ਕਰਕੇ ਇਸ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਸਕਦੀ ਹੈ ਜਿਸ ਲਈ ਪੰਜਾਬ ਪੁਲਿਸ ਵਿੱਚ ‘ਸੜਕ ਸੁਰੱਖਿਆ ਫੋਰਸ’ ਗਠਿਤ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਫੋਰਸ ਸੜਕ ਹਾਦਸਿਆਂ ਨੂੰ ਰੋਕਣ ਲਈ ਅੰਨ੍ਹੇਵਾਹ ਡਰਾਈਵਿੰਗ ਕਰਨ ਵਾਲਿਆਂ, ਸੜਕਾਂ ’ਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਅਤੇ ਹੋਰ ਕੰਮਾਂ ਨੂੰ ਰੋਕਣ ਲਈ ਮਹੱਤਵਪੂਰਨ ਭੂਮਿਕਾ ਨਿਭਾਏਗੀ ਅਤੇ ਇਸ ਨਾਲ ਥਾਣਿਆਂ ਵਿੱਚ ਤਾਇਨਾਤ ਪੁਲਿਸ ਮੁਲਾਜ਼ਮਾਂ ’ਤੇ ਬੋਝ ਵੀ ਘਟੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ’ਚੋਂ ਜ਼ਿਆਦਾਤਰ ਘਾਤਕ ਹਾਦਸੇ ਸ਼ਾਮ 6:00 ਵਜੇ ਤੋਂ ਰਾਤ 12:00 ਵਜੇ ਦੇ ਦਰਮਿਆਨ ਵਾਪਰਦੇ ਹਨ, ਜਦੋਂ ਇਨ੍ਹਾਂ ਸੜਕਾਂ ’ਤੇ ਪੁਲਸ ਦੀ ਮੌਜੂਦਗੀ ਬਹੁਤ ਘੱਟ ਹੁੰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸ਼ਰਾਬ ਪੀ ਕੇ ਗੱਡੀ ਚਲਾਉਣ ਅਤੇ ਤੇਜ਼ ਰਫ਼ਤਾਰ ਵਾਹਨ ਨੂੰ ਰੋਕਣ ਲਈ ਵਿਸ਼ੇਸ਼ ਸਾਜ਼ੋ-ਸਾਮਾਨ ਨਾਲ ਲੈਸ 129 ਪੈਟਰੋਲਿੰਗ ਵਾਹਨ (ਗਸ਼ਤ ਕਰਨ ਵਾਲੇ ਵਾਹਨ) ਇਨ੍ਹਾਂ ਰੂਟਾਂ ’ਤੇ ਤਾਇਨਾਤ ਕੀਤੇ ਜਾਣਗੇ ਅਤੇ ਵਾਹਨ ਹਰੇਕ 30 ਕਿਲੋਮੀਟਰ ਦੀ ਦੂਰੀ ਨੂੰ ਕਵਰ ਕਰੇਗਾ। ਉਨ੍ਹਾਂ ਕਿਹਾ ਕਿ ਨਵੇਂ ਭਰਤੀ ਹੋਏ ਪੁਲਿਸ ਮੁਲਾਜ਼ਮਾਂ ’ਚੋਂ ਜਿਨ੍ਹਾਂ ਪੁਲਸ ਮੁਲਾਜ਼ਮਾਂ ਨੂੰ ਢੁਕਵੀਂ ਸਿਖਲਾਈ ਦਿੱਤੀ ਗਈ ਹੈ, ਨੂੰ ਸੜਕ ਸੁਰੱਖਿਆ ਫੋਰਸ ’ਚ ਤਾਇਨਾਤ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਹ ਟ੍ਰੇਨਿੰਗ ਕਪੂਰਥਲਾ ਵਿਖੇ ਦਿੱਤੀ ਗਈ ਹੈ।

## ਅੰਤਰਿਮ ਬਜਟ ਪੇਸ਼ ਕਰਨ ਤੋਂ ਪਹਿਲਾਂ ਨਿਰਮਲਾ ਸੀਤਾਰਮਨ ਨੇ ਬਣਾਇਆ ਰਿਕਾਰਡ, ਕਈ ਵੱਡੇ ਨੇਤਾਵਾਂ ਨੂੰ ਛੱਡਿਆ ਪਿੱਛੇ

**ਨਵੀਂ ਦਿੱਲੀ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਨਿਰਮਲਾ ਸੀਤਾਰਮਨ ਦੇਸ਼ ਦੀ ਪਹਿਲੀ ਅਜਿਹੀ ਵਿੱਤ ਮੰਤਰੀ ਹੈ ਜੋ ਲਗਾਤਾਰ ਛੇਵੀਂ ਵਾਰ ਬਜਟ ਪੇਸ਼ ਕਰਕੇ ਇਤਿਹਾਸ ਰਚਣ ਜਾ ਰਹੀ ਹੈ। ਜੀ ਹਾਂ ਉਹ ਦੇਸ਼ ਦੀ ਦੂਜੀ ਵਿੱਤ ਮੰਤਰੀ ਹੈ, ਜਿਸ ਨੇ 5 ਵਾਰ ਪੂਰਾ ਬਜਟ ਪੇਸ਼ ਕੀਤਾ ਹੈ ਅਤੇ ਇਸ ਫਰਵਰੀ ਨੂੰ ਛੇਵੀਂ ਵਾਰ ਮੁੜ ਬਜਟ ਪੇਸ਼ ਕਰਨਗੇ। ਇਸ ਤੋਂ ਪਹਿਲਾਂ ਇਹ ਰਿਕਾਰਡ ਸਾਬਕਾ ਪ੍ਰਧਾਨ ਮੰਤਰੀ ਮੋਰਾਰਜੀ ਦੇਸਾਈ ਦੇ ਕੋਲ ਸੀ। ਦੱਸ ਦੇਈਏ ਕਿ ਸੀਤਾਰਮਨ ਨੇ ਫਰਵਰੀ ਵਿੱਚ ਅੰਤਰਿਮ ਬਜਟ ਪੇਸ਼ ਕਰਕੇ ਅਰੁਣ ਜੇਤਲੀ ਅਤੇ ਮਨਮੋਹਨ ਸਿੰਘ ਵਰਗੇ ਸਾਬਕਾ ਵਿੱਤ ਮੰਤਰੀਆਂ ਦਾ ਰਿਕਾਰਡ ਤੋੜ ਦਿੱਤਾ ਸੀ। ਇਨ੍ਹਾਂ ਸਾਰੇ ਨੇਤਾਵਾਂ ਨੇ 5 ਵਾਰ ਦੇਸ਼ ਦਾ ਬਜਟ ਪੇਸ਼ ਕੀਤਾ ਹੈ। ਮੋਦੀ ਸਰਕਾਰ ਨੇ 2019 ਦੀਆਂ ਆਮ ਚੋਣਾਂ ਤੋਂ ਬਾਅਦ ਵਿੱਤ ਵਿਭਾਗ ਦੀ ਜ਼ੰਮਿਵਾਰੀ ਸੀਤਾਰਮਨ ਨੂੰ ਸੌਂਪ ਦਿੱਤੀ ਸੀ। ਬਜਟ ਪੇਸ਼ ਕਰਨ ਵਾਲੀ ਇੰਦਰਾ ਗਾਂਧੀ ਤੋਂ ਬਾਅਦ ਉਹ ਦੂਜੀ ਮਹਿਲਾ ਬਣ ਗਈ। ਇੰਦਰਾ ਗਾਂਧੀ ਨੇ ਸਾਲ 1970-71 ਦਾ ਬਜਟ ਪੇਸ਼ ਕੀਤਾ ਸੀ। ਸੀਤਾਰਮਨ ਨੇ ਵਿੱਤ ਮੰਤਰੀ ਬਣਨ ਤੋਂ ਬਾਅਦ ਕਈ ਬਦਲਾਅ ਕੀਤੇ ਹਨ। ਉਦਾਹਰਨ ਲਈ, ਬਜਟ ਦਸਤਾਵੇਜ਼ਾਂ ਵਿੱਚ ਵਰਤੇ ਜਾਣ ਵਾਲੇ ਰਵਾਇਤੀ ਬ੍ਰੀਫਕੇਸ ਨੂੰ ਹਟਾ ਦਿੱਤਾ ਗਿਆ ਅਤੇ ਇਸਦੀ ਥਾਂ ’ਤੇ ਰਾਸ਼ਟਰੀ ਚਿੰਨ੍ਹ ਵਾਲਾ ਬਹੀ ਖ਼ਾਤਾ ਅਪਣਾਇਆ ਗਿਆ। ਇਹ 2027-28 ਤੱਕ 5 ਅਰਬ ਡਾਲਰ ਅਤੇ 2037 ਤੱਕ 30,000 ਅਰਬ ਡਾਲਰ ਦੀ ਅਰਥਵਿਵਸਥਾ ਬਣਨ ਦੇ ਟੀਚੇ ਨਾਲ ਅੱਗੇ ਵਧ ਰਹੀ ਹੈ। ਕਿਹਾ ਜਾ ਰਿਹਾ ਹੈ ਕਿ ਸੀਤਾਮਾਰਨ ਆਪਣੇ ਛੇਵੇਂ ਅਤੇ ਅੰਤਰਿਮ ਬਜਟ ’ਚ ਪੇਂਡੂ ਖੇਤਰਾਂ ਨੂੰ ਉਤਸ਼ਾਹਿਤ ਕਰਨ ਲਈ ਕੁਝ ਉਪਾਅ ਕਰ ਸਕਦੀ ਹੈ। ਇਸ ਦਾ ਇੱਕ ਮੁੱਖ ਕਾਰਨ ਇਹ ਹੈ ਕਿ ਵਿੱਤੀ ਸਾਲ 2023-24 ਵਿੱਚ ਖੇਤੀ ਖੇਤਰ ਦੀ ਵਿਕਾਸ ਦਰ ਚਾਰ ਫ਼ੀਸਦੀ ਤੋਂ ਘਟ ਕੇ 1.8 ਫ਼ੀਸਦੀ ਰਹਿਣ ਦੀ ਸੰਭਾਵਨਾ ਹੈ।



**ਸੀਤਾਰਮਨ ਨੇ ਬਣਾਏ ਕਈ ਰਿਕਾਰਡ**

- ਸਾਲ 2020 ਵਿੱਚ ਨਿਰਮਲਾ ਦਾ ਬਜਟ ਭਾਸ਼ਣ 2 ਘੰਟੇ 42 ਮਿੰਟ ਚੱਲਿਆ। ਇਹ ਦੇਸ਼ ਦੇ ਇਤਿਹਾਸ ਵਿੱਚ ਕਿਸੇ ਵੀ ਵਿੱਤ ਮੰਤਰੀ ਦਾ ਸਭ ਤੋਂ ਲੰਬਾ ਬਜਟ ਭਾਸ਼ਣ ਸੀ। - ਇਸ ਤੋਂ ਬਾਅਦ ਸਾਲ 2021 ’ਚ ਨਿਰਮਲਾ ਨੇ ਦੇਸ਼ ਦਾ ਪਹਿਲਾ ਪੇਪਰ ਰਹਿਤ ਬਜਟ ਪੇਸ਼ ਕੀਤਾ। ਉਹ ਲਾਲ ਫੋਲਡਰ ਵਿੱਚ ਟੈਬਲੇਟ ਲੈ ਕੇ ਸੰਸਦ ਪਹੁੰਚੀ ਅਤੇ ਆਪਣਾ ਬਜਟ ਭਾਸ਼ਣ ਪੜ੍ਹਿਆ। - ਪਰੰਪਰਾਵਾਂ ਨੂੰ ਬਦਲਣ ਦਾ ਉਸਦਾ ਰਿਕਾਰਡ ਸਾਲ 2022 ਵਿੱਚ ਵੀ ਜਾਰੀ ਰਿਹਾ। ਬਜਟ ਦੀ ਛਪਾਈ ਤੋਂ ਪਹਿਲਾਂ ਹਲਵਾ ਨਹੀਂ ਕੀਤੀ ਗਈ ਅਤੇ ਇਸ ਦੀ ਥਾਂ ਵਿੱਤ ਮੰਤਰਾਲੇ ਦੇ ਅਧਿਕਾਰੀਆਂ ਵਿੱਚ ਮਠਿਆਈਆਂ ਦੇ ਡੱਬੇ ਵੰਡੇ ਗਏ। -2023 ਦਾ ਬਜਟ ਭਾਸ਼ਣ ਕਾਫੀ ਵਿਲੱਖਣ ਸੀ। ਉਨ੍ਹਾਂ ਨੇ ਇੱਥੇ ਨਵੀਂ ਟੈਕਸ ਪ੍ਰਣਾਲੀ ਦੀਆਂ ਸਲੈਬਾਂ ਨੂੰ ਬਦਲ ਦਿੱਤਾ। ਨਵੀਂ ਪ੍ਰਣਾਲੀ ਨੂੰ ਡਿਫਾਲਟ ਟੈਕਸ ਪ੍ਰਣਾਲੀ ਬਣਾਉਣ ਦਾ ਵੱਡਾ ਐਲਾਨ ਸੀ। ਇਸ ਨਾਲ ਦੇਸ਼ ਦੀ ਆਮਦਨ ਕਰ ਪ੍ਰਣਾਲੀ ਪੂਰੀ ਤਰ੍ਹਾਂ ਬਦਲ ਗਈ।

ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :

+447458381111

+447976210161

+919729091243




ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਜਲੰਧਰ ਦੇ ਰਹਿਣ ਵਾਲੇ ਸੀ ਦਸੂਹਾ ਹਾਦਸੇ ’ਚ ਮਾਰੇ ਗਏ ਪੰਜ ਨੌਜਵਾਨ, ਪਰਿਵਾਰਾਂ ’ਚ ਪਸਰਿਆ ਮਾਤਮ

**ਜਲੰਧਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਜਲੰਧਰ-ਪਠਾਨਕੋਟ ਨੈਸ਼ਨਲ ਹਾਈਵੇਅ ’ਤੇ ਸ਼ੁੱਕਰਵਾਰ ਰਾਤ ਵਾਪਰੇ ਭਿਆਨਕ ਹਾਦਸੇ ਵਿਚ ਪੰਜ ਨੌਜਵਾਨਾਂ ਦੀ ਜਿਊਂਦਿਆਂ ਸੜ ਕੇ ਦਰਦਨਾਕ ਮੌਤ ਹੋ ਗਈ। ਹਾਦਸਾ ਕਰੀਬ 10.30 ਵਜੇ ਜਲੰਧਰ-ਪਠਾਨਕੋਟ ਕੌਮੀ ਮਾਰਗ ’ਤੇ ਕਸਬਾ ਉੱਚੀ ਬੱਸੀ ਕੋਲ ਵਾਪਰਿਆ। ਹਾਦਸੇ ਵਿਚ ਕਾਰ ਸਵਾਰ 5 ਨੌਜਵਾਨਾਂ ਦੀ ਮੌਤ ਹੋ ਗਈ ਜਦਕਿ ਟਰੱਕ ਚਾਲਕ ਦੀ ਹਾਲਤ ਬੇਹੱਦ ਗੰਭੀਰ ਦੱਸੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਕਾਰ ਦੀ ਟਰੱਕ ਨਾਲ ਟੱਕਰ ਤੋਂ ਬਾਅਦ ਕਾਰ ਵਿਚ ਜ਼ੋਰਦਾਰ ਧਮਾਕਾ ਹੋਇਆ ਅਤੇ ਕਾਰ ਨੂੰ ਅੱਗ ਲੱਗ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਟੱਕਰ ਤੋਂ ਬਾਅਦ ਕਾਰ ਬੁਰੀ ਤਰ੍ਹਾਂ ਸੜ ਗਈ ਅਤੇ ਟਰੱਕ ਵੀ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਇਸ ਹਾਦਸੇ ਵਿਚ ਮਾਰੇ ਗਏ ਪੰਜ ਨੌਜਵਾਨ ਜਲੰਧਰ ਦੇ ਹਲਕਾ ਵੈਸਟ ਦੇ ਸਨ ਜੋ ਪਠਾਨਕੋਟ ਤੋਂ ਜਲੰਧਰ ਵਾਪਸ ਆ ਰਹੇ ਸਨ। ਚਾਰ ਨੌਜਵਾਨ ਜਲੰਧਰ ਦੇ ਭਾਰਗੋਕੈਂਪ ਅਤੇ ਇਕ ਘਾਹ ਮੰਡੀ ਇਲਾਕੇ ਦਾ ਰਹਿਣ ਵਾਲਾ ਸੀ। ਇਸ ਦਰਦਨਾਕ ਘਟਨਾ ਤੋਂ ਬਾਅਦ ਪਰਿਵਾਰਾਂ ਵਿਚ ਮਾਤਮ ਪੱਸਰ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਜਿਵੇਂ ਹੀ ਟੱਕਰ ਤੋਂ ਬਾਅਦ ਕਾਰ ਨੂੰ ਅੱਗ ਲੱਗੀ ਤਾਂ ਨੌਜਵਾਨਾਂ ਨੇ ਕਾਰ ਦੇ ਦਰਵਾਜ਼ੇ ਖੋਲ੍ਹਣ ਦੀ ਕੋਸ਼ਿਸ਼ ਕੀਤੀ ਪਰ ਅੱਗ ਦੀਆਂ ਭਿਆਨਕ ਲਪਟਾਂ ਅੱਗੇ ਉਨ੍ਹਾਂ ਦੀ ਇਕ ਨਾ ਚੱਲੀ। ਜਿਸ ਕਾਰਣ ਉਨ੍ਹਾਂ ਦੀ ਜਿਊਂਦਿਆਂ ਸੜ ਕੇ ਮੌਤ ਹੋ ਗਈ। ਜਾਣਕਾਰੀ ਅਨੁਸਾਰ ਕਾਰ ਸਵਾਰ ਰਾਜ ਕੁਮਾਰ, ਅੰਕਿਤ ਕੁਮਾਰ, ਰਿਸ਼ਭ, ਇੰਦਰਜੀਤ ਸਿੰਘ ਅਤੇ ਅਭੀ ਸਾਰੇ ਵਾਸੀ ਜਲੰਧਰ ਬੀਤੀ ਰਾਤ ਆਪਣੀ ਕਾਰ ਪੀਬੀ 08 ਡੀਵਾਈ 1900 ਵਿਚ ਸਵਾਰ ਹੋ ਕੇ ਪਠਾਨਕੋਟ ਤੋਂ ਜਲੰਧਰ ਵਾਪਸ ਆ ਰਹੇ ਸਨ, ਜਦੋਂ ਉਹ ਕਰੀਬ 10.30 ਵਜੇ ਕੌਮੀ ਮਾਰਗ ’ਤੇ ਪੈਂਦੇ ਕਸਬਾ ਉੱਚੀ ਬੱਸੀ ਕੋਲ ਪੁੱਜੇ ਤਾਂ ਅੱਗੇ ਜਾ ਰਹੇ ਟਰੱਕ ਨਾਲ ਜਾ ਟਕਰਾਏ। ਇਸ ਹਾਦਸੇ ਦੌਰਾਨ ਕਾਰ ਨੂੰ ਭਿਆਨਕ ਅੱਗ ਲੱਗ ਗਈ, ਜਿਸ ਵਿਚ ਚਾਰ ਜਣੇ ਬੁਰੀ ਤਰ੍ਹਾਂ ਝੁਲਸ ਗਏ, ਜਦੋਂ ਕਿ ਇਕ ਕਾਰ ਸਵਾਰ ਨੂੰ ਸਿਵਲ ਹਸਪਤਾਲ ਮੁਕੇਰੀਆਂ ਪੁਜਾਇਆ ਗਿਆ, ਜਿਸ ਦੀ ਹਸਪਤਾਲ ਵਿਚ ਇਲਾਜ ਦੌਰਾਨ ਮੌਤ ਹੋ ਗਈ। ਇਸ ਹਾਦਸੇ ਵਿਚ ਗੰਭੀਰ ਜ਼ਖਮੀ ਹੋਏ ਟਰੱਕ ਚਾਲਕ ਨੂੰ ਦਸੂਹਾ ਦੇ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੋਂ ਓਸਦੀ ਹਾਲਤ ਗੰਭੀਰ ਦੇਖਦਿਆਂ ਉਸਨੂੰ ਅੱਗੇ ਰੈਫਰ ਕਰ ਦਿੱਤਾ ਗਿਆ ਹੈ। ਇਸ ਸਬੰਧੀ ਥਾਣਾ ਮੁਖੀ ਦਸੂਹਾ ਹਰਪ੍ਰੇਮ ਸਿੰਘ ਨੇ ਕਿਹਾ ਕਿ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਨਹੀਂ ਲੱਗਿਆ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਗੱਡੀ ਨੰਬਰ ਦੇ ਅਧਾਰ ’ਤੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।



ੴ ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ।। ੴ



ਪਰਮ ਸਤਿਕਾਰਯੋਗ........................................ ਜੀਓ

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।

# 10 ਫਰਵਰੀ 2024 ਦੇ

# ਨੁਮਾਇੰਦਾ ਇਕੱਠ

## ਵਿੱਚ ਜਲੰਧਰ ਪਹੁੰਚਣ ਲਈ ਸੱਦਾ ਪੱਤਰ।

: ਏਜੰਡਾ :

**ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦਾ ਇਨਸਾਫ ਲੈਣ ਹਿੱਤ ਕਾਨੂੰਨੀ ਪੱਖ ਤੇ ਲੋਕ ਲਹਿਰ ਉਸਾਰਨ ਲਈ।**

ਬੇਨਤੀ ਹੈ ਕਿ ਜਿਵੇਂ ਆਪ ਜੀ ਨੂੰ ਭਲੀ ਭਾਂਤ ਪਤਾ ਹੀ ਹੈ ਕਿ ਅੱਜ ਤੋਂ 31 ਸਾਲ ਪਹਿਲਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਹੱਥ ਠੋਕੇ ਬੇਅੰਤ ਸਿੰਘ ਮੁੱਖ ਮੰਤਰੀ ਪੰਜਾਬ ਤੇ ਉਸਦੇ ਅਹਿਲਕਾਰਾਂ ਨੇ ਉਸ ਸਮੇਂ ਦੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਉਹਨਾਂ ਦੇ ਆਪਣੇ ਪਿੰਡ ਕਾਉਂਕੇ ਤੋਂ ਪਿੰਡ ਵਾਸੀਆਂ ਦੇ ਸਾਹਮਣੇ ਦਿਨ ਦਿਹਾੜੇ ਗ੍ਰਿਫਤਾਰ ਕਰਕੇ ਸੀ ਆਈ ਏ ਸਟਾਫ ਜਗਰਾਉਂ ਵਿਖੇ ਰੱਖਕੇ ਅਸਹਿ ਤੇ ਅਕਹਿ ਤਸੀਹੇ ਦੇ ਕੇ ਅਤੇ ਕੋਹ ਕੋਹ ਕੇ ਉਹਨਾਂ ਦੇ ਸਰੀਰ ਦੇ ਟੋਟੇ ਟੋਟੇ ਕਰਕੇ, ਭਾਵੇਂ ਇੱਕ ਜਨਵਰੀ 1993 ਨੂੰ ਸਹੀਦ ਕਰ ਦਿੱਤਾ ਗਿਆ ਸੀ। ਪਰ ਉਸ ਸਮੇਂ ਪੁਲਿਸ ਵਲੋਂ ਉਹਨਾਂ ਨੂੰ ਪੁਲਿਸ ਹਿਰਾਸਤ ਵਿੱਚੋਂ ਭੱਜਣ ਦਾ ਡਰਾਮਾ ਰਚਿਆ ਗਿਆ ਸੀ। ਉਸ ਸਮੇਂ ਤੋਂ ਪੰਥ ਵਲੋਂ ਉਹਨਾਂ ਦੇ ਕਾਤਲਾਂ ਨੂੰ ਸਜਾ ਦਿਵਾਉਣ ਲਈ ਇੱਕ ਸੁਰ ਹੋ ਕੇ ਮੰਗ ਉਠਾਉਣ ਦੇ ਬਾਵਜੂਦ ਕਿਸੇ ਵੀ ਹੁਕਮਰਾਨ ਸਰਕਾਰ ਨੇ ਇਸ ਦਾ ਇਨਸਾਫ ਦੇਣ ਦੀ ਬਜਾਏ ਅੱਖੋਂ ਪਰੋਖੇ ਕਰੀ ਰੱਖਿਆ ਇਥੋਂ ਤੱਕ ਕਿ ਪੰਥ ਦੀਆਂ ਵੋਟਾਂ ਲੈ ਕੇ ਤਿੰਨ ਵਾਰ ਸ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਹੇਠ ਬਣੀ ਅਕਾਲੀ ਸਰਕਾਰ ਨੇ ਆਪਣੀ ਕੌਮ ਦੇ ਜਥੇਦਾਰ ਦਾ ਇਨਸਾਫ ਤਾਂ ਕੀ ਦੇਣਾ ਸੀ ਸਗੋਂ ਕਾਤਲ ਪੁਲਿਸ ਅਫਸਰਾਂ ਨੂੰ ਉਹਨਾਂ ਦੇ ਪਸੰਦੀ ਦੇ ਉੱਚ ਆਹੁਦੇ ਦੇ ਕੇ ਨਿਵਾਜਿਆ ਗਿਆ। ਸ. ਪ੍ਰਕਾਸ ਸਿੰਘ ਬਾਦਲ ਬਾਦਲ ਨੇ ਮੁੱਖ ਮੰਤਰੀ ਤੇ ਸ. ਸੁਖਬੀਰ ਸਿੰਘ ਬਾਦਲ ਨੇ ਗ੍ਰਹਿ ਮੰਤਰੀ ਰਹਿੰਦਿਆਂ ਲਗਾਤਾਰ ਕ੍ਰਮਵਾਰ 13 ਤੇ 8 ਸਾਲ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਨੂੰ ਆਪਣੇ ਸਿਰਹਾਣੇ ਤੇ ਗੋਡੇ ਥੱਲੇ ਦਬਾਅ ਕੇ ਕਾਤਲਾਂ ਨੂੰ ਆਪਣੀ ਬੁੱਕਲ ਵਿਚ ਲੈ ਕੇ ਬਚਾਉਂਦੇ ਤੇ ਲਕਾਉਦੇ ਰਹੇ।

ਪ੍ਰੰਤੂ ਹੁਣ ਉਨਾਂ ਦੇ ਕਤਲ ਦੀ 25 ਸਾਲਾਂ ਬਾਅਦ ਪੁਲਿਸ ਅਫਸਰ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਜਨਤਕ ਹੋ ਕੇ ਸ੍ਰੀ ਅਕਾਲ ਤਖਤ ਸਾਹਿਬ ਤੇ ਦਾਖਲ ਹੋਈ ਹੈ। ਇਸ ਰਿਪੋਰਟ ਨੇ ਅੱਜ ਸੰਸਾਰ ਪੱਧਰ ਤੇ ਸਿੱਖ ਕੌਮ ਨੂੰ ਮੁੜ ਅਗਵਾਈ ਦਿੰਦਿਆ ਉਸ ਦੌਰ ਦੀਆਂ ਵਧੀਕੀਆਂ ਤੇ ਜਬਰ ਜੁਲਮ ਦਾ ਇਨਸਾਫ ਲੈਣ ਅਤੇ ਖੇਰੂ-ਖੇਰੂ ਹੋਈ ਕੌਮ ਨੂੰ ਜਗਾਉਣ ਅਤੇ ਇੱਕ ਮੰਚ ਤੇ ਇਕੱਠਿਆਂ ਹੋਣ ਲਈ ਲੋਕ ਲਹਿਰ ਖੜ੍ਹੀ ਕਰਨ ਲਈ ਹਲੂਣਾ ਦਿੱਤਾ ਹੈ।

ਸੋ ਆਓ ਪੰਥ ਅਤੇ ਪੰਜਾਬ ਦੇ ਦਰਦੀਓ, ਸਾਬਕਾ ਜੱਜ ਸਾਹਿਬਾਨ, ਵਕੀਲ ਸਾਹਿਬਾਨ ਮਨੁੱਖੀ ਅਧਿਕਾਰਾਂ ਲਈ ਅਵਾਜ ਬੁਲੰਦ ਕਰਨ ਵਾਲਿਓ, **10 ਫਰਵਰੀ 2024 ਨੂੰ ਸਵੇਰੇ 11 ਵਜੇ ਜਲੰਧਰ ਦੇ ਗੁਰੂ ਤੇਗ ਬਹਾਦੁਰ ਸਾਹਿਬ ਨਗਰ ਦੇ, ਗੁਰਦੁਆਰਾ ਗੁਰੂ ਤੇਗ ਬਹਾਦਰ** ਵਿਖੇ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ। ਸੋ ਗੁਰੂ ਹੁਕਮਾਂ ਦੀ ਰੋਸਨੀ ਵਿੱਚ, ਭਵਿੱਖੀ ਰਣਨੀਤੀ ਤਿਆਰ ਕਰਨ ਲਈ ਜਥੇਦਾਰ ਕਾਉਂਕੇ ਦੇ ਇਨਸਾਫ ਲੈਣ ਲਈ ਮੀਟਿੰਗ ਵਿੱਚ ਪਹੁੰਚਣ ਦਾ ਸੱਦਾ ਪ੍ਰਵਾਨ ਕਰਨਾ ਜੀ।

: ਨੋਟ :

ਜਥੇਦਾਰ ਕਾਉਂਕੇ ਸਾਹਿਬ ਦੇ ਮੁੱਦੇ ਤੇ ਇਨਸਾਫ ਲੈਣ ਲਈ ਕਨੂੰਨੀ ਰਾਏ ਤੇ ਲੋਕ ਲਹਿਰ ਖੜ੍ਹੀ ਕਰਨ ਲਈ ਆਪਣੇ ਕੀਮਤੀ ਸੁਝਾਅ ਸੰਖੇਪ ਸਬਦਾਂ ਵਿੱਚ ਲਿਖਕੇ ਲੈ ਕੇ ਆਉਣ ਦੀ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਧੰਨਵਾਦੀ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV


: ਗੁਰੂ ਪੰਥ ਦੇ ਦਾਸ :

**ਤਾਲਮੇਲ ਇਨਸਾਫ਼ ਕਮੇਟੀ**

**ਅਮਰ ਸ਼ਹੀਦ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ**

**ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ**

ਸੰਪਰਕ ਨੰਬਰ : 9872482164, 9814013915, 9814015740, 9779750126, ਕਨੂੰਨੀ ਸੁਝਾਅ ਦੇਣ ਵਾਸਤੇ ਨੰਬਰ : 9878421013




# ਗੁਰੂ ਹਰਗੋਬਿੰਦ ਪਬਲਿਕ ਸੀਨੀ. ਸੈਕੰ. ਸਕੂਲ ਲਹਿਰੀ ਦੇ ਪੰਜ ਖਿਡਾਰੀ ਗਣਤੰਤਰ ਦਿਵਸ ਮੌਕੇ ਕੀਤੇ ਸਨਮਾਨਿਤ

ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਵਿਖੇ ਬਲਾਕ ਪੱਧਰ 'ਤੇ ਮਨਾਏ ਗਏ ਗਣਤੰਤਰ ਦਿਵਸ ਮੌਕੇ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਦੇ ਉਹ ਪੰਜ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਿਹਨਾਂ ਨੇ ਸਕੂਲੀ ਖੇਡਾਂ ਵਿੱਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ਼ ਪ੍ਰਿੰਸੀਪਲ ਸ੍ਰ. ਲਖਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਪਿਛਲੇ ਦਿਨਾਂ ਵਿੱਚ ਪੰਜਾਬ ਸਰਕਾਰ ਅਤੇ ਖੇਡ ਵਿਭਾਗ ਵੱਲੋਂ ਕਰਵਾਈਆਂ ਗਈਆਂ "ਖੇਡਾਂ ਵਤਨ ਪੰਜਾਬ ਦੀਆਂ" ਖੇਡਾਂ ਅਤੇ ਸਕੂਲੀ ਖੇਡਾਂ 'ਚ ਅੰਡਰ-14 (ਲੜਕੀਆਂ) ਕੱਬਡੀ ਨੈਸ਼ਨਲ ਸਟਾਈਲ ਅਧੀਨ ਸੁਖਮਨੀ ਕੌਰ, ਅਰਸ਼ਦੀਪ ਕੌਰ ਅਤੇ ਹੁਸਨਦੀਪ ਕੌਰ ਜ਼ਿਲ੍ਹੇ ਵਿਚੋਂ ਤੀਸਰੀ ਪੁਜੀਸ਼ਨ ਪ੍ਰਾਪਤ ਕੀਤੀ ਜਦੋਂਕਿ ਅੰਡਰ-17 (ਲੜਕੇ) ਕੱਬਡੀ ਨੈਸ਼ਨਲ ਸਟਾਈਲ ਅਧੀਨ ਗੈਰੀ ਸਿੰਘ ਮਿਰਜ਼ੇਆਣਾ ਵੱਲੋਂ ਤਿਲੰਗਾਨਾ ਸੂਬੇ ਵਿੱਚ ਖੇਡਾ ਦਾ ਵਧੀਆ ਪ੍ਰਦਰਸ਼ਨ ਕਰਦਿਆਂ ਪੰਜਾਬ ਦਾ ਨਾਮ ਚਮਕਾਇਆ ਅਤੇ ਅੰਡਰ-19 (ਲੜਕੇ) ਕੱਬਡੀ ਨੈਸ਼ਨਲ ਸਟਾਈਲ ਅਧੀਨ ਹੁਸਨਪ੍ਰੀਤ ਸਿੰਘ ਲਹਿਰੀ ਜਿਹੜਾ ਕਿ ਪੰਜਾਬ ਦੀ ਪੂਰੀ ਟੀਮ ਨਾਲ ਬੈਂਗਲੌਰ ਵਿਖੇ ਖੇਡ ਰਿਹਾ ਹੈ। ਇਸ ਕਰਕੇ ਇਹਨਾਂ ਬੱਚਿਆਂ ਨੂੰ ਸ੍ਰ. ਹਰਜਿੰਦਰ ਸਿੰਘ ਜੱਸਲ ਮਾਨਯੋਗ ਐਸ ਡੀ ਐਮ ਤਲਵੰਡੀ ਸਾਬੋ ਵੱਲੋਂ ਵੱਡੇ ਸਮਾਗਮ 'ਤੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ ਹੈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ, ਸਕੱਤਰ ਸ੍ਰੀਮਤੀ ਪਰਮਜੀਤ ਕੌਰ ਨੇ ਜਿੱਥੇ ਬੱਚਿਆਂ ਨੂੰ ਵਧਾਈ ਦਿੱਤੀ ਉੱਥੇ ਸ੍ਰ. ਹਰਜਿੰਦਰ ਸਿੰਘ ਜੱਸਲ ਮਾਨਯੋਗ ਐਸ ਡੀ ਐਮ ਤਲਵੰਡੀ ਸਾਬੋ ਅਤੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ ਗਿਆ।



ਆਵਾਜ਼ਿ ਕੌਮ AWAZE QAUM
International Newspaper & WEB TV







# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ

ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ।

ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਸਤਾਰ ਵਾਸਤੇ ਸਾਡੀ ਕੌਮ ਨੇ ਬਹੁਤ ਵੱਡੀਆਂ ਘਾਲਣਾ ਘੱਲੀਆਂ ਤੇ ਸ਼ਹਾਦਤਾਂ ਦਿੱਤੀਆਂ ਹਨ। ਉਹਨਾਂ ਕਿਹਾ ਕਿ ਅੱਜ ਸਾਰੀ ਜ਼ੰਮਿਵਾਰੀ ਬਣਦੀ ਹੈ ਕਿ ਦਸਤਾਰ ’ਤੇ ਕੋਈ ਦਾਗ ਨਾ ਲੱਗਣ ਦੇਈਏ।



ਉਹਨਾਂ ਕਿਹਾ ਕਿ ਦਸਤਾਰ ਸਾਡੇ ਪੁਰਖ਼ਿਆਂ ਦਾ ਕਿਰਦਾਰ ਵੀ ਦੱਸਦੀ ਹੈ ਜਿਹਨਾਂ ਨੇ ਗੁਰੂ ਗੋਬਿੰਦ ਸਿੰਘ ਸਾਹਿਬ ਵੱਲੋਂ ਬਖਸ਼ੀ ਦਸਤਾਰ ਨੂੰ ਸੰਭਾਲ ਕੇ ਰੱਖਿਆ। ਉਹਨਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਸਮੇਤ ਸਾਡੀ ਕੌਮ ਵੱਲੋਂ ਦਸਤਾਰਾਂ ਦੀ ਸੰਭਾਲ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ ਗਈਆਂ।

ਆਵਾਜ਼ਿ ਕੌਮ AWAZE QAUM
International Newspaper & WEB TV

ਉਹਨਾਂ ਕਿਹਾ ਕਿ ਕਿਸੇ ਸਮੇਂ ਵਿਚ ਇਹ ਵੀ ਕਿਹਾ ਜਾਂਦਾ ਸੀ ਕਿ ਜੇਕਰ ਕਿਸੇ ਬੱਸ ਵਿਚ ਜਾਂ ਰੇਲ ਗੱਡੀ ਦੇ ਡੱਬੇ ਵਿਚ ਇਕ ਦਸਤਾਰਧਾਰੀ ਸਿੱਖ ਬੈਠਾ ਹੈ ਤਾਂ ਉਸ ਵਿਚ ਸਫਰ ਕਰ ਰਹੀਆਂ ਬੀਬੀਆਂ ਸੁਰੱਖਿਅਤ ਹਨ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਕਮੇਟੀਆਂ ਹਮੇਸ਼ਾ ਸਿੱਖੀ ਵਾਸਤੇ ਕੰਮ ਕਰਦੀਆਂ ਹਨ ਪਰ ਸਭ ਤੋਂ ਜ਼ਿਆਦਾ ਜ਼ੰਮਿਵਾਰੀ ਮਾਪਿਆਂ ਦੀ ਬਣਦੀ ਹੈ। ਉਹਨਾਂ ਕਿਹਾ ਕਿ ਜੇਕਰ ਮਾਪੇ ਆਪਣੇ ਬੱਚਿਆਂ ਦੇ ਸਿਰ ’ਤੇ ਜੂੜਾ ਅਤੇ ਮੂੰਹ ਵਿਚ ੳ ਸ਼ਬਦ ਯਕੀਨੀ ਬਣਾਉਣਗੇ ਤਾਂ ਸਾਡੀ ਕੌਮ ਤੇ ਸਾਡਾ ਅਮੀਰ ਵਿਰਸਾ ਸੰਭਾਲਿਆ ਰਹੇਗਾ। ਉਹਨਾਂ ਕਿਹਾ ਕਿ ਇਸ ਦਸਤਾਰ ਸਜਾਉਣ ਦੇ ਮੁਕਾਬਲੇ ਵਿਚ ਕੋਈ ਪਹਿਲੇ, ਦੂਜੇ ਜਾਂ ਤੀਜੇ ਸਥਾਨ ’ਤੇ ਨਹੀਂ ਆਇਆ ਬਲਕਿ ਜਿਹਨਾਂ ਨੇ ਸਾਰਿਆਂ ਨੇ ਦਸਤਾਰ ਸਜਾਉਣ ਦੇ ਮੁਕਾਬਲੇ ਵਿਚ ਹਿੱਸਾ ਲਿਆ, ਉਹ ਸਾਰੇ ਹੀ ਜੇਤੂ ਹਨ। ਉਹਨਾਂ ਕਿਹਾ ਕਿ ਅੱਜ ਉਹਨਾਂ ਆਪ ਦਸਤਾਰਾਂ ਸਜਾਈਆਂ ਹਨ ਤੇ ਵੱਡੇ ਹੋ ਕੇ ਤੁਸੀਂ ਆਪਣੇ ਬੱਚਿਆਂ ਨੂੰ ਦਸਤਾਰਾਂ ਸਜਾਉਣ ਦਾ ਕੰਮ ਕਰਨਾ ਹੈ। ਉਹਨਾਂ ਕਿਹਾ ਕਿ ਸਿੱਖੀ ਦੇ ਪ੍ਰਚਾਰ ਵਾਸਤੇ ਦਿੱਲੀ ਕਮੇਟੀ ਲਗਾਤਾਰ ਮਿਹਨਤ ਕਰ ਰਹੀ ਹੈ ਤੇ ਧਰਮ ਪ੍ਰਚਾਰ ਵਿੰਗ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਦੀ ਅਗਵਾਈ ਹੇਠ ਗਰਮੀ ਦੀਆਂ ਛੁੱਟੀਆਂ ਵਿਚ ਕੈਂਪ ਲਗਾਇਆ ਗਿਆ ਜਿਸ ਵਿਚ 14 ਹਜ਼ਾਰ ਬੱਚਿਆਂ ਨੇ ਸ਼ਮੂਲੀਅਤ ਕੀਤੀ ਸੀ ਤੇ ਹੁਣ ਜਾਪਦਾ ਹੈ ਕਿ ਆਉਂਦੇ ਸਮੇਂ ਵਿਚ ਸਾਡੇ ਕੋਲ ਹਾਲ ਛੋਟਾ ਪੈ ਜਾਵੇਗਾ ਜਿਥੇ ਇਹ ਕੈਂਪ ਲਗਾਇਆ ਜਾਂਦਾ ਹੈ। ਉਹਨਾਂ ਕਿਹਾ ਕਿ ਸਰਦਾਰ ਕਰਮਸਰ ਤੇ ਉਹਨਾਂ ਦੀ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ। ਇਸ ਮੌਕੇ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦਸਤਾਰ ਸਜਾਉਣ ਦੇ ਮੁਕਾਬਲੇ ਵਿਚ ਭਾਗ ਲੈਣ ਵਾਸਤੇ ਉਤਸ਼ਾਹ ਵਿਖਾਉਣ ’ਤੇ ਸਮੁੱਚੇ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਤਰੀਕੇ ਹੀ ਅਸੀਂ ਆਪਣੇ ਵਿਰਸੇ ਤੇ ਆਪਣੀ ਕੌਮ ਦੀ ਵਿਲੱਖਣ ਪਛਾਣ ਨੂੰ ਕਾਇਮ ਰੱਖ ਸਕਦੇ ਹਾਂ ਜਿਵੇਂ ਅਸੀਂ ਅਜਿਹੇ ਮੁਕਾਬਲਿਆਂ ਵਿਚ ਭਾਗ ਲੈਂਦੇ ਰਹੀਏ ਅਤੇ ਗੁਰਸਿੱਖੀ ਜੀਵਨ ਨਾਲ ਜੁੜੇ ਰਹੀਏ ਤੇ ਗੁਰਬਾਣੀ ਦਾ ਨਿਰੰਤਰ ਸਿਮਰਣ ਕਰੀਏ।

ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ ’ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਜਨਮ ਦਿਹਾੜਾ



**ਅਨੋਖੇ ਅਮਰ ਸ਼ਹੀਦ ਧੰਨ ਧੰਨ ਸ਼ਹੀਦ ਬਾਬਾ ਦੀਪ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

ਚੁਪਹਿਰੇ ਦੇ ਪਾਠਾਂ ਦੀ ਅਰੰਭਤਾ ਹਰ ਐਤਵਾਰ 6:30 ਤੋਂ 9:30 ਵਜੇ ਤੱਕ ਭੋਗ ਪੈਣਗੇ।

ਸ਼ੁੱਕਰਵਾਰ ਸਾਢੇ 10 ਵਜੇ ਸ੍ਰੀ ਅਖੰਡ ਪਾਠਾਂ ਦੀ ਅਰੰਭਤਾ ਅਤੇ ਐਤਵਾਰ 10.30 ਵਜੇ ਭੋਗ ਪੈਣਗੇ

• ਸ਼ੁੱਕਰਵਾਰ 26 ਅਤੇ ਸ਼ਨੀਵਾਰ 27 ਜਨਵਰੀ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ। • ਐਤਵਾਰ 28 ਜਨਵਰੀ 2024 ਸਾਢੇ 10 ਵਜੇ ਤੋਂ 12:30 ਦੀਵਾਨ ਸਜਣਗੇ।

ਰਾਗੀ ਜਥਾ ਭਾਈ ਰਕਬੀਰ ਸਿੰਘ ਭੰਗਵਾ ਕਥਾ ਅਤੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਬਾਬਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਦੋਨਾਂ ਗੁਰ ਸਿੱਖ ਪਰਿਵਾਰਾਂ ਵੱਲੋਂ ਭਾਈ ਇੰਦਰਜੀਤ ਸਿੰਘ ਲੋਧੀ ਅਤੇ ਭਾਈ ਹਰਜੀਤ ਸਿੰਘ ਲੋਧੀ 2 ਸ਼੍ਰੀ ਅਖੰਡ ਪਾਠਾਂ ਦੀ ਸੇਵਾ ਲਈ ਗਈ ਹੈ।

• ਸਟਾਲ ਵੀ ਲੱਗਣਗੇ
• ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਆਪਣਾ ਕੀਮਤੀ ਸਮਾਂ ਕੱਢਕੇ ਸ਼ਹੀਦੀ ਅਸਥਾਨ ਤੇ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਯੋਗ ਅਗੁਵਾਈ ਹੇਠ ਜੂਨ 1984 ਦੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿਚ 40ਵੀਂ ਸ਼ਹੀਦੀ ਵਰ੍ਹੇਗੰਢ ਮਿਤੀ 6 ਜੂਨ 2024 ਨੂੰ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ (ਜਥਾ ਭਿੰਡਰਾਂ-ਮਹਿਤਾ) ਅੰਮ੍ਰਿਤਸਰ ਸਾਹਿਬ ਵਿਖੇ ਮੁਖ ਰੂਪ ਵਿੱਚ ਮਨਾਈ ਜਾਵੇਗੀ ਉੱਥੇ ਹੀ ਵਿਸੇਸ਼ ਰੂਪ ਵਿਚ ਵਿਦੇਸ਼ਾਂ ਵਿੱਚ ਵੀ ਖਾਸ ਕਰਕੇ ਇੰਗਲੈਂਡ ਦੀ ਧਰਤੀ ਤੇ ਮਿਤੀ 21-22-23 ਜੂਨ 2024 ਨੂੰ ਗੁਰਦੁਆਰਾ ਗਰੀਬ ਨਿਵਾਜ, Springfield road hayes, ub4,olp ਵਿਖੇ ਬੜ੍ਹੀ ਚੜ੍ਹਦੀਕਲਾ ਨਾਲ ਮਨਾਈ ਜਾ ਰਹੀ ਹੈ ਸਮੂਹ ਸੰਗਤਾਂ ਨੇ ਇਹਨਾਂ 40ਵੇਂ ਸ਼ਹੀਦੀ ਸਮਾਗਮਾਂ ਵਿਚ ਤਨ ਮਨ ਧਨ ਨਾਲ ਹਾਜਰੀ ਭਰਨ ਦੀ ਕਿਰਪਾਲਤਾ ਕਰਨੀ ਅਤੇ ਸ਼ਹੀਦਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ।

ਆਵਾਜ਼ਿ ਕੌਮ AWAZE QAUM International Newspaper & WEB TV





# ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ (ਰਜਿ:) ਪੰਜਾਬ ਦੇ ਸੰਸਥਾਪਕ ਪ੍ਰਧਾਨ ਸਮੇਤ ਤਿੰਨ ਦਾ ਹੋਇਆ ਸਨਮਾਨ

## ਗਣਤੰਤਰ ਦਿਵਸ ਮੌਕੇ ਸੱਤ ਸਾਹਿਤਕ ਤੇ ਸਮਾਜਿਕ ਸੰਸਥਾਵਾਂ ਪੰਜਾਬ ਦੇ ਕਾਰਜਕਰਤਾ ਨੇ ਸੱਤ ਸ਼ਖਸ਼ੀਅਤਾਂ ਨੂੰ 19ਵੀਂ ਪੁਸਤਕ ਭੇਂਟ ਕੀਤੀ

ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)- 75ਵੇਂ ਗਣਤੰਤਰ ਦਿਵਸ ਦੇ ਸਮਾਗਮਾਂ ਮੌਕੇ ਅੱਜ ਸੱਤ ਸਾਹਿਤਕ ਤੇ ਸਮਾਜਿਕ ਸੰਸਥਾਵਾਂ ਪੰਜਾਬ ਦੇ ਕਾਰਜਕਰਤਾ ਡਾਕਟਰ ਹਰਗੋਬਿੰਦ ਸਿੰਘ ਸ਼ੇਖਪੁਰੀਆ ਨੇ ਸੱਤ ਸ਼ਖਸ਼ੀਅਤਾਂ ਨੂੰ ਆਪਣੀ 19ਵੀਂ ਪੁਸਤਕ ਸ਼ੇਖਪੁਰੀਏ ਦੇ ਸਲੋਕ ਭੇਂਟ ਕਰਦਿਆਂ ਪਿਛਲੇ 17 ਸਾਲਾਂ ਤੋਂ ਹਰ ਸਾਲ ਆਈ ਨਵੀਂ ਪੁਸਤਕ ਨੂੰ 26 ਜਨਵਰੀ ਅਤੇ 15 ਅਗਸਤ ਦੇ ਸਮਾਗਮਾਂ ਵਿੱਚ ਭੇਂਟ ਕਰਦੇ ਆਉਂਦੀ ਪਿਰਤ ਨੂੰ ਜਾਰੀ ਰੱਖਿਆ।

ਅੱਜ ਦੇ ਸਮਾਗਮਾਂ ਦੇ ਮੁੱਖ ਮਹਿਮਾਨ ਸ੍ਰ. ਹਰਜਿੰਦਰ ਸਿੰਘ ਜੱਸਲ ਪੀਸੀਐਸ ਐਸਡੀਐਮ ਤਲਵੰਡੀ ਸਾਬੋ, ਰਣਵੀਰ ਸਿੰਘ ਤਹਿਸੀਲਦਾਰ, ਜੱਜ ਸਾਹਿਬ ਸ਼੍ਰੀ ਸੁਧੀਰ ਕੁਮਾਰ, ਡੀਐਸਪੀ ਸ੍ਰੀ ਰਜੇਸ਼ ਸਨੇਹੀ ਦੱਤਾ, ਬੀਡੀਪੀਓ ਮੇਜਰ ਸਿੰਘ ਧਾਲੀਵਾਲ, ਈਓ ਨਗਰ ਕੌਂਸਲ ਵਿਪਨ ਕੁਮਾਰ, ਦਸ਼ਮੇਸ਼ ਸਕੂਲ ਦੇ ਪ੍ਰਿੰਸੀਪਲ ਸਾਨੀਆ ਕਾਮਰਾ ਸੱਤ ਸ਼ਖਸ਼ੀਅਤਾਂ ਨੂੰ ਪੁਸਤਕ ਭੇਂਟ ਕੀਤੀ ਗਈ।

ਇਸ ਸਮਾਗਮ ਵਿੱਚ ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ (ਰਜਿ:) ਪੰਜਾਬ ਦੇ ਸੰਸਥਾਪਕ ਪ੍ਰਧਾਨ ਡਾਕਟਰ ਹਰਗੋਬਿੰਦ ਸਿੰਘ ਸ਼ੇਖਪੁਰੀਆ, ਪ੍ਰੈਸ ਸਕੱਤਰ ਗੁਰਜੰਟ ਸਿੰਘ ਸੋਹਲ ਪੱਤਰਕਾਰ ਅਤੇ ਕਾਰਜਕਾਰਨੀ ਮੈਂਬਰ ਪਰਮਪ੍ਰੀਤ ਕੌਰ ਬਠਿੰਡਾ ਜਿਹਨਾਂ ਨੇ ਵੀ ਛੇ ਪੁਸਤਕਾਂ ਦਾ ਸੈੱਟ ਭੇਂਟ ਕੀਤਾ, ਨੂੰ ਮਾਨਯੋਗ ਐਸਡੀਐਮ ਹਰਜਿੰਦਰ ਸਿੰਘ ਜੱਸਲ ਨੇ ਸਨਮਾਨਿਤ ਕੀਤਾ।

ਇਸ ਮੌਕੇ 75ਵੇਂ ਗਣਤੰਤਰਤਾ ਦਿਵਸ ਸ੍ਰੀ ਦਸ਼ਮੇਸ਼ ਸਕੂਲ ਦੇ ਵਿਹੜੇ ਧੂਮ ਧਾਮ ਨਾਲ ਮਨਾਏ ਗਏ ਜਿੱਥੇ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਸਥਾਨਕ ਉਪ ਮੰਡਲ ਮੈਜਿਸਟਰੇਟ ਹਰਜਿੰਦਰ ਸਿੰਘ ਜੱਸਲ ਪੀਸੀਐਸ ਨੇ ਤਿਰੰਗਾ ਝੰਡਾ ਲਹਿਰਾਇਆ ਅਤੇ ਪੰਜਾਬ ਪੁਲਿਸ, ਸਕਾਊਟਸ ਗਾਈਡ ਤੇ ਵੱਖ-ਵੱਖ ਸਕੂਲਾਂ ਦੀਆਂ ਟੁਕੜੀਆਂ ਤੋਂ ਸਲਾਮੀ ਲਈ। ਵੱਖ-ਵੱਖ ਸਕੂਲਾਂ ਦੇ ਬੱਚੇ ਬੱਚੀਆਂ ਨੇ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤੇ ਜਿਹਨਾਂ ਨੂੰ ਉਹਨਾਂ ਦੇ ਕੋਚਿੰਗ ਇੰਚਾਰਜਾਂ ਤੇ ਸਕੂਲ ਮੁਖੀਆਂ ਸਮੇਤ ਸਨਮਾਨਿਤ ਕੀਤਾ ਗਿਆ। ਸੁਤੰਤਰਤਾ ਸੰਗਰਾਮੀਆਂ ਦੇ ਵਾਰਸਾਂ ਅਤੇ ਵੱਖ-ਵੱਖ ਖਿੱਤੇ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖਸ਼ੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਸਮਾਗਮ ਦਾ ਸਟੇਜ ਸੰਚਾਲਨ ਮਾਸਟਰ ਬੂਟਾ ਸਿੰਘ ਤੇ ਮਾਸਟਰ ਰੇਵਤੀ ਪ੍ਰਸ਼ਾਦ ਸ਼ਰਮਾ ਨੇ ਬਾਖੂਬੀ ਕੀਤਾ ਜਦੋਂ ਕਿ ਵੱਖ-ਵੱਖ ਮਹਿਕਮਿਆਂ ਦੇ ਅਧਿਕਾਰੀ ਗਣ ਅਤੇ ਮੁਲਾਜ਼ਮ ਤਬਕੇ ਤੋਂ ਇਲਾਵਾ ਅਧਿਆਪਕ ਤੇ ਵਿਦਿਆਰਥੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।










### ਖਾਲਸਾ ਕਾਲਜ ਮਹਿਤਾ ਵਿਖੇ

# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਪ੍ਰਕਾਸ਼ ਪੁਰਬ ਤੇ ਸੈਮੀਨਾਰ ਕਰਵਾਇਆ



**ਚੌਂਕ ਮਹਿਤਾ, 27 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲ਼ਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜ ਮਹਿਤਾ ਵਿਖੇ ਅਮਰ ਸ਼ਹੀਦ ਬਾਬਾ ਦੀਪ ਜੀ ਦੇ ਪ੍ਰਕਾਸ਼ ਪੁਰਬ ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜਿਸ ਮੌਕੇ ਵਿਦਿਆਰਥੀਆਂ ਨੇ ਬਾਬਾ ਜੀ ਦੇ ਜੀਵਨ ਨੂੰ ਕਵਿਤਾਵਾਂ, ਸ਼ਬਦ, ਭਾਸ਼ਣ ਅਤੇ ਕਵੀਸ਼ਰੀ ਆਦਿ ਦੁਆਰਾ ਪੇਸ਼ ਕੀਤਾ। ਇਸ ਸੁਨਿਹਰੇ ਮੌਕੇ ਤੇ ਕਾਲਜ ਦੇ ਪ੍ਰਿੰਸੀਪਲ ਸ.ਗੁਰਦੀਪ ਸਿੰਘ ਜਲਾਲ ਉਸਮਾ ਨੇ ਮਹਾਂਪੁਰਖਾਂ ਦੀ ਬਹੁਪੱਖੀ ਸ਼ਖਸੀਅਤ ਦੀ ਉਸਤਤ ਕਰਦਿਆਂ ਦੱਸਿਆ ਕਿ ਦਮਦਮੀ ਟਕਸਾਲ ਦੇ ਪਹਿਲੇ ਮੁੱਖੀ, ਖਾਲਸਾ ਪੰਥ ਦੇ ਰੱਖਿਅਕ, ਸੂਰਬੀਰ ਤੇ ਮਹਾਨ ਵਿਦਵਾਨ, ਆਗੂ ਅਤੇ ਜੰਗੀ ਜਰਨੈਲ, ਕਥਨੀ ਤੇ ਕਰਨੀ ਦੇ ਸੂਰੇ, ਤਲਵਾਰ ਦੇ ਧਨੀ, ਨੇਕੀ ਤੇ ਭਗਤੀ ਦੀ ਸਾਖਿਆਤ ਮੂਰਤ, ਅਣਖ ਤੇ ਸ਼ਕਤੀ ਦੇ ਸੋਮੇ, ਪਵਿੱਤਰ ਸ਼ਹੀਦ ਬਾਬਾ ਦੀਪ ਸਿੰਘ ਜੀ ਨੇ 26 ਜਨਵਰੀ, 1682ਈ. ਨੂੰ ਪਿੰਡ ਪਹੂਵਿੰਡ, ਜਿਲ੍ਹਾ ਤਰਨਤਾਰਨ ਦੀ ਧਰਤੀ ਤੇ ਅਵਤਾਰ ਧਾਰਿਆ।ਬਾਬਾ ਜੀ ਦੇ ਜੀਵਨ ਦੀਆਂ ਮੁੱਖ ਘਟਨਾਵਾਂ, ਚਾਰ ਬੀੜਾਂ ਦੀ ਤਿਆਰੀ, ਸ਼ਹੀਦ ਮਿਸਲ ਦੇ ਮੁੱਖੀ, ਅਠਾਰਾਂ ਸੇਰ ਖੰਡੇ ਨਾਲ ਲੜੀ ਲੜਾਈ, ਦਸ਼ਮੇਸ਼ ਪਿਤਾ ਦਾ ਗਲ ਨਾਲ ਲਾਉਣਾ ਅਤੇ ਭਾਈ ਮਨੀ ਸਿੰਘ ਨਾਲ ਗੁਜ਼ਾਰਿਆ ਸਮਾਂ ਆਦਿ ਵਰਨਣਯੋਗ ਹਨ। ਅੰਤ ਬਾਬਾ ਜੀ ਆਪਣੇ ਦੋਧਾਰੀ 18 ਸੇਰ ਦੇ ਖੰਡੇ ਨਾਲ ਦੁਸ਼ਮਣ ਫ਼ੌਜ ਨਾਲ ਲੜਦੇ ਹੋਏ ਅੰਮ੍ਰਿਤਸਰ ਸਾਹਿਬ ਪਹੁੰਚ ਗਏ।ਪਰਿਕਰਮਾ ਵਿੱਚ ਜਾ ਕੇ ਗੁਰੂਘਰ ਨੂੰ ਨਮਸਕਾਰ ਕਰਕੇ ਸੀਸ ਭੇਟ ਕੀਤਾ ਅਤੇ 13ਨਵੰਬਰ 1757 ਈ.ਨੂੰ ਸ਼ਹੀਦੀ ਪ੍ਰਾਪਤ ਕਰ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਇਲਾਵਾ ਸਮੂਹ ਸੰਗਤ ਨੂੰ ਅਪੀਲ ਕਰਦਿਆਂ ਉਹਨਾਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਸੂਰਬੀਰ ਯੋਧਿਆਂ ਨੇ ਆਪਣਾ ਖ਼ੂਨ ਵਹਾ ਕੇ ਸਿੱਖੀ ਦੀ ਸੇਵਾ ਕੀਤੀ ਹੈ। ਸਾਡਾ ਫਰਜ਼ ਹੈ ਕਿ ਸਿੱਖੀ ਨੂੰ ਬਚਾਉਣ ਲਈ, ਧਰਮ ਦੀ ਬੇਅਦਬੀ ਨੂੰ ਰੋਕਣ ਲਈ ਸਿੱਖੀ ਸਿਧਾਂਤਾਂ ਦੀ ਪਾਲਣਾ ਕਰਦਿਆਂ ਸਿੱਖੀ ਦੀ ਸ਼ਾਨ ਨੂੰ ਹੋਰ ਵਧਾਈਏ ਤੇ ਸਿੱਖੀ ਦੇ ਪਹਿਰੇਦਾਰ ਬਣੀਏ।

ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮਹਾਨ ਵਿਦਵਾਨ ਗਿਆਨੀ ਸਾਹਿਬ ਸਿੰਘ ਜੀ, ਕਾਲਜ ਪ੍ਰਿੰ ਸ. ਗੁਰਦੀਪ ਸਿੰਘ ਜਲਾਲ ਉਸਮਾਂ , ਸਕੂਲ ਪ੍ਰਿੰ. ਸੁਖਮੀਤ ਕੌਰ,ਸ. ਦਿਲਬਾਗ ਸਿੰਘ, ਪਰਵੀਨ ਕੌਰ, ਕੁਲਦੀਪ ਕੌਰ, ਮਨਜੀਤ ਕੌਰ, ਗੁਰਸ਼ਰਨਪ੍ਰੀਤ ਕੌਰ, ਕੁਲਜੀਤ ਕੌਰ, ਨਵਨੀਤ ਕੌਰ, ਪੂਰਤੀ ਸ਼ਰਮਾ, ਸੁਪਰੀਤ ਕੌਰ, ਰੁਪਿੰਦਰ ਕੌਰ, ਕਿਰਨਬੀਰ ਕੌਰ, ਗੁਰਵਿੰਦਰ ਕੌਰ, ਕਾਬਲ ਸਿੰਘ ਪੁਰਬਾ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਸਮੂਹ ਸੰਗਤਾਂ ਨੂੰ ਗੁਰਪੁਰਬ ਦੀਆਂ ਲੱਖ ਲੱਖ ਵਧਾਈਆਂ ਦਿੱਤੀਆਂ।

# ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਬੀ-ਸਕੂਲ ਬੂਲਸ, ਦੇਹਰਾਦੂਨ ਵੱਲੋਂ ਦੁਵੱਲਾ ਸਮਝੌਤਾ ਸਹੀਬੱਧ



ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸ੍ਵੈ-ਰੁਜ਼ਗਾਰ ਸਥਾਪਿਤ ਕਰਨ ਅਤੇ ਸਿੱਖਿਆ ਨੂੰ ਰੁਜ਼ਗਾਰ ਨਾਲ ਜੋੜਨ ਦੇ ਮਕਸਦ ਨਾਲ ਭਾਰਤ ਸਰਕਾਰ ਵੱਲੋਂ ਲਾਗੂ ਕੀਤੀ ਗਈ ਨਵੀਂ ਸਿੱਖਿਆ ਨੀਤੀ-2020 ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਅਤੇ ਬੀ-ਸਕੂਲ ਬੂਲਸ, ਦੇਹਰਾਦੂਨ, ਉਤਰਾਖੰਡ ਵੱਲੋਂ ਵਿਦਿਆਰਥੀਆਂ ਨੂੰ ਆਰਥਿਕ ਪੱਖੋਂ ਆਪਣੇ ਪੈਰਾਂ 'ਤੇ ਖੜੇ ਕਰਨ ਲਈ ਉਪ ਕੁਲਪਤੀ ਪ੍ਰੋ.(ਡਾ.)ਐਸ.ਕੇ.ਬਾਵਾ ਅਤੇ ਚੀਫ਼ ਓਪਰੇਟਿੰਗ ਅਫ਼ਸਰ ਬੀ.ਬੀ.ਐਕਸ ਇਨਫੋਟੈਕ ਪ੍ਰਾਇਵੇਟ ਲਿਮਿਟਿਡ, ਰਾਜ ਸੈਂਟਰਾ ਦੀ ਹਾਜ਼ਰੀ ਵਿੱਚ ਦੋਹਾਂ ਅਦਾਰਿਆਂ ਦੇ ਅਧਿਕਾਰੀਆਂ ਵੱਲੋਂ ਦੁਵੱਲਾ ਸਮਝੌਤਾ ਸਹੀਬੱਧ ਕੀਤਾ ਗਿਆ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਡਾ. ਬਾਵਾ ਨੇ ਕਿਹਾ ਕਿ ਕੰਪਿਉਟਰ ਅਤੇ ਡਿਜ਼ੀਟਲ ਯੁੱਗ ਵਿੱਚ ਵਿਦਿਆਰਥੀਆਂ ਨੂੰ ਸ੍ਵੈ-ਉਦਯੋਗ ਸਥਾਪਿਤ ਕਰਨ, ਉਦਯੋਗਾਂ ਅਤੇ ਬਾਜ਼ਾਰ ਦੀ ਮੰਗ ਅਨੁਸਾਰ ਵਿਦਿਆਰਥੀਆਂ ਨੂੰ ਈ-ਕਾਮਰਸ, ਸਟਾਕ ਮਾਰਕਿਟ, ਸਰਚ ਇੰਜਣ, ਡਿਜ਼ੀਟਲ ਮਾਰਕਿਟਿੰਗ ਆਦਿ ਕੰਪਿਉਟਰ ਸਬੰਧਿਤ ਖੇਤਰਾਂ ਬਾਰੇ ਜਾਣਕਾਰੀ ਹੋਣਾ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਦੇ ਉਜੱਵਲ ਭਵਿੱਖ ਦੇ ਮੱਦੇਨਜ਼ਰ ਇਹ ਦੁਵੱਲਾ ਸਮਝੌਤਾ ਕੀਤਾ ਗਿਆ ਹੈ। ਜਿਸ ਅਨੁਸਾਰ ਬੀ-ਸਕੂਲ ਜੀ.ਕੇ.ਯੂ ਦੇ ਵਿਦਿਆਰਥੀਆਂ ਨੂੰ ਸਟਾਕ ਮਾਰਕਿਟ, ਕੰਟੈਂਟ ਰਾਇਟਿੰਗ, ਬਲੋਗਿੰਗ, ਵੱਖ-ਵੱਖ ਕੰਪਨੀਆਂ ਦੇ ਸ਼ੇਅਰਾਂ ਸੰਬੰਧੀ ਵਿਹਾਰਿਕ ਜਾਣਕਾਰੀ ਉਪਲਬਧ ਕਰਵਾਏਗਾ ਅਤੇ ਭਵਿੱਖ ਵਿੱਚ ਇਸ ਲਈ ਆਪਣੀਆਂ ਲੈਬ ਸਥਾਪਿਤ ਕਰੇਗਾ। ਜੋ ਵਿਦਿਆਰਥੀਆਂ ਨੂੰ ਈ-ਪਲੇਟਫਾਰਮ ਅਤੇ ਬਿਜ਼ਨਸ ਕਰਨ ਵਿੱਚ ਸਹਾਈ ਹੋਣਗੀਆਂ। ਇਸ ਮੌਕੇ ਰਾਜ ਸੈਂਟਰਾ ਨੇ ਕਿਹਾ ਕਿ ਬੀ.ਸਕੂਲ ਵਿਦਿਆਰਥੀਆਂ ਨੂੰ ਕਾਰਪੋਰੇਟ ਮੀਟਿੰਗਾਂ ਅਤੇ ਸੈਮੀਨਾਰ ਆਯੋਜਿਤ ਕਰਨ ਸੰਬੰਧੀ ਟ੍ਰੇਨਿੰਗ ਅਤੇ ਬਿਜ਼ਨਸ ਵਿੱਚ ਸਹੀ ਸਮੇਂ ਉਚਿਤ ਫੈਸਲੇ ਲੈਣ ਬਾਰੇ ਜਾਣਕਾਰੀ ਦੇਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਦੁਵੱਲੇ ਸਮਝੌਤੇ ਤੋਂ ਬਾਦ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਪੈਸਾ ਅਤੇ ਸ਼ੋਹਰਤ ਦੋਵੇਂ ਹੀ ਕਮਾ ਸਕਣਗੇ। ਹੁਣ ਜੀ.ਕੇ.ਯੂ. ਦੇ ਵਿਦਿਆਰਥੀਆਂ ਨੂੰ ਬੀ-ਸਕੂਲ ਤੋਂ ਇੰਟਰਨਸ਼ਿਪ ਮੌਕੇ ਵਜ਼ੀਫਾ ਵੀ ਮਿਲੇਗਾ ਜੋ ਉਨ੍ਹਾਂ ਨੂੰ ਆਰਥਿਕ ਪੱਖੋਂ ਮਜ਼ਬੂਤ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ੴ ਸਤਿਗੁਰ ਪ੍ਰਸਾਦਿ

## ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ

# ਸਹਿਜ ਪਾਠਾਂ ਦੇ ਭੋਗ 28 ਜਨਵਰੀ, ਦਿਨ ਐਤਵਾਰ ਨੂੰ ਪਿੰਡ ਨੰਗਲੀ ਕਲਾਂ ਵਿਖੇ



ਬਾਬਾ ਬਿਸ਼ਨ ਸਿੰਘ ਜੀ ਬਾਬਾ ਬਕਾਲੇ ਵਾਲੇ



ਸੱਚਖੰਡ ਵਾਸੀ ਬਾਬਾ ਅਮਰ ਸਿੰਘ ਜੀ



ਸੰਤ ਬਾਬਾ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਰੱਬੀ ਰੂਹ ਰਾਗੀ ਬਾਬਾ ਅਮਰ ਸਿੰਘ ਜੀ ਨੰਗਲੀ ਵਾਲੇ ਬਾਬਾ ਬਿਸ਼ਨ ਸਿੰਘ ਜੀ ਦੇ ਅਨਿੰਨ ਸੇਵਕ ਅਤੇ ਬਾਬਾ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਿਦਿਆਰਥੀ ਅਤੇ ਓਹਨਾ ਨੂੰ ਨੰਗਲੀ ਅਤੇ ਮਹਿਤੇ ਲੈਕੇ ਆਉਣ ਵਾਲੇ ਮਹਾਂਪੁਰਸ਼ ਜੋ ਕੁੱਝ ਸਮੇਂ ਤੋਂ ਅਕਾਲ ਚਲਾਣਾ ਕਰ ਗਏ ਹਨ। ਓਹਨਾ ਦੇ ਨਮਿੱਤ ਸਹਿਜ ਪਾਠ ਚੱਲ ਰਹੇ ਰਹੇ ਹਨ ਚੱਲ ਰਹੇ ਸਹਿਜ ਪਾਠਾਂ ਦੇ ਭੋਗ 28/01/2024 ਦਿਨ ਐਤਵਾਰ ਨੂੰ ਪਿੰਡ ਨੰਗਲੀ ਕਲਾਂ ਵਿਖੇ ਕੰਗ ਪੱਤੀ ਗੁਰਦੁਆਰਾ ਸਾਹਿਬ ਵਿਖੇ ਪਾਏ ਜਾ ਰਹੇ ਹਨ। ਸਾਰੀ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

--✶ ਬੇਨਤੀ ਕਰਤਾ ✶--

## ਨਗਰ ਨਿਵਾਸੀ ਸਾਧ ਸੰਗਤ, ਸਮੂਹ ਪਰਿਵਾਰ, ਸਮੂਹ ਵਿਦਿਆਰਥੀ

# ਗੁਰੂ ਨਾਨਕ ਸਤਿਸੰਗ ਸਿੱਖ ਟੈਂਪਲ ਕੈਨਕ ਰੋਡ ਵੂਲਵਰਹੈਂਪਟਨ ਨੇ ਮਨਾਇਆ ਦਸਮੇਸ਼ ਪਿਤਾ ਜੀ ਦਾ ਪ੍ਰਕਾਸ਼ ਉਤਸਵ

ਹਰ ਸਾਲ ਦੀ ਤਰ੍ਹਾਂ ਗੁਰੂ ਘਰ ਦੇ ਅਨਿਨ ਸੇਵਕ, ਪ੍ਰਬੰਧਕ ਸੇਵਾਦਾਰ ਕਮੇਟੀ ਦੇ ਜਨਰਲ ਸਕੱਤਰ ਅਤੇ ਸਮਾਜਕ ਕਾਰਜਾਂ ਵਿੱਚ ਵੱਧ ਚੜ੍ਹਕੇ ਹਿੱਸਾ ਲੇਣ ਵਾਲੇ ਸ. ਗੁਰਮੀਤ ਸਿੰਘ ਸਿੱਧੂ ਜੀ ਨੇ ਪ੍ਰੀਵਾਰ ਸਮੇਤ ਅਤੇ ਸ.ਕਰਮ ਸਿੰਘ ਸਿੱਧੂ ਜੀ ਦੇ ਪ੍ਰੀਵਾਰ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਗਟ ਦਿਵਸ ਦੀ ਖੁਸ਼ੀ ਵਿੱਚ ਸ਼੍ਰੀ ਆਖੰਡ ਸਾਹਿਬ ਜੀ ਦੇ ਜਾਪ ਕਰਵਾਏ। ਇਸੇ ਖੁਸ਼ੀ ਵਿੱਚ ਦੋਹਾਂ ਪ੍ਰੀਵਾਰਾਂ ਨੇ ਆਪਣੇ ਸਮੂਹ ਰਿਸ਼ਤੇਦਾਰਾਂ,ਮਿੱਤਰਾਂ ਅਤੇ ਗੁਰੂ ਘਰ ਦੇ ਨਿਸ਼ਕਾਮ ਸੇਵਾਦਾਰਾਂ ਦੇ ਸਹਿਯੋਗ ਨਾਲ ਗੁਰੂ ਸਾਹਿਬ ਜੀ ਦੇ ਚਰਨ ਪਰਸਦੇ ਹੋਏ ਤਿੰਨ ਦਿਨ ਗੁਰੂ ਕੇ ਲੰਗਰ ਅਤੁੱਟ ਵਰਤਾਏ। ਵਰਨਣਯੋਗ ਹੈ ਕਿ ਇਸ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਜਿਹੜੀ ਤਕਰੀਬਨ ਚਾਰ ਦਹਾਕਿਆਂ ਤੋਂ ਗੁਰੂ ਦੀ ਸੇਵਾ ਅਤੇ ਸੰਗਤ ਦੀ ਸੇਵਾ ਐਨੇ ਸੋਹਣੇ ਤ੍ਰੀਕੇ ਨਾਲ ਕਰ ਰਹੀ ਹੈ ਜਿਸ ਦਾ ਸਬੂਤ ਗੁਰੂ ਘਰ ਵਿੱਚ ਸੰਗਤਾਂ ਦੀ ਵੱਡੀ ਹਾਜ਼ਰੀ ਦੱਸ ਰਹੀ ਸੀ ਗੁਰੂ ਘਰ ਦੇ ਹਰ ਸੇਵਾਦਾਰ ਨੇ ਆਪੋ ਆਪਣੀ ਜਿੰਮੇਦਾਰੀ ਨੂੰ ਗੁਰੂ ਦੀ ਸੇਵਾ ਅਤੇ ਸੰਗਤ ਦੀ ਸੇਵਾ ਸਮਝਦੇ ਹੋਏ ਬਾਖੂਬੀ ਨਿਭਾਈ।

ਗੁਰੂ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਸੰਗਤਾਂ ਨੇ ਰਲਕੇ ਅਰਦਾਸ ਕੀਤੀ। ਧੁਰ ਕੀ ਬਾਣੀ ਦੇ ਰਸਭਿੰਨੇ ਕੀਰਤਨ ਹੋਏ। ਸਿੱਖ ਪੰਥ ਦੇ ਸੇਵਦਾਰ ਸ. ਪਰਮਿੰਦਰ ਸਿੰਘ ਬੱਲ ਨੇ ਸਿੱਖ ਗੁਰ ਇਤਹਾਸ ਤੇ ਚਾਨਣਾ ਪਾਉਂਦੇ ਹੋਏ ਸੰਗਤਾਂ ਨੂੰ ਗੁਰੂ ਮਾਰਗ ਤੇ ਚੱਲਣ ਦੀ ਪ੍ਰਰਨਾ ਦਿੱਤੀ।

ਗੁਰੂ ਘਰ ਦੇ ਮੁੱਖ ਸੇਵਾਦਾਰ ਸ. ਬਲਰਾਜ ਸਿੰਘ ਅਟਵਾਲ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸੰਸਾਰ ਵਿੱਚ ਅੱਜ ਤੱਕ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਵਰਗੀ ਸਖਸ਼ੀਅਤ ਨਾ ਪੈਦਾ ਹੋਈ ਹੈ ਅਤੇ ਨਾ ਹੀ ਪੈਦਾ ਹੋਵੇਗੀ ਜਿਹੜੀ ਮਨੁੱਖਤਾ ਨੂੰ "ਜੀਓ ਅਤੇ ਜਿਊਣ ਦਿਓ" ਦੇ ਸਿਧਾਂਤ ਨਾਲ ਅਮਲੀ ਰੂਪ ਵਿੱਚ ਜੋੜਦੀ ਹੋਵੇ।

ਕਲਗੀਧਰ ਦਸਮੇਸ਼ ਪਿਤਾ ਜੀ ਨੇ "ਸ਼੍ਰੀ ਗੁਰੂ ਗ੍ਰੰਥ ਸਾਹਿਬ" ਜੀ ਦੇ ਉੱਚੇ ਉਪਦੇਸ਼ " ਜੋ ਪ੍ਰਾਇਓ ਸੋਈ ਆਪਨਾ" ਨੂੰ ਅਮਲੀ ਰੂਪ ਵਿੱਚ ਸਿੱਧ ਕਰਕੇ ਦਿਖਾ ਦਿੱਤਾ "ਦੂਜੇ ਨੂੰ ਆਪਣਾ ਸਮਝਕੇ" ਨਹੀਂ ਤਾਂ ਦੂਜੇ ਦੀ ਖਾਤਰ ਕੌਣ ਕਸ਼ਟ ਉਠਾਉਂਦਾ ਹੈ ਉਨ੍ਹਾਂ ਸਿੱਧੂ ਪ੍ਰੀਵਾਰਾਂ ਦੀ ਜਿੱਥੇ ਸਿਫ਼ਤ ਕੀਤੀ ਉੱਥੇ ਸੰਗਤ ਅਤੇ ਸੇਵਾਦਾਰਾਂ ਦਾ ਵੀ ਧੰਨਵਾਦ ਕੀਤਾ।

ਸ. ਗੁਰਮੀਤ ਸਿੰਘ ਸਿੱਧੂ ਸਾਹਿਬ ਨੇ ਮਨ ਜਿੱਤ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਸੇਵਾ ਸਾਡੇ ਸਿੱਧੂ ਪ੍ਰੀਵਾਰਾਂ ਤੋਂ ਗੁਰੂ ਸਾਹਿਬ ਆਪ ਹੀ ਕਰਵਾ ਲੈਂਦੇ ਹਨ ਜਿਸ ਨੂੰ ਕਰਕੇ ਸਾਡੇ ਮਨਾ ਨੂੰ ਸ਼ਾਂਤੀ ਅਤੇ ਸਕੂਨ ਮਿਲਦਾ ਹੈ।





# ਜਥੇਦਾਰ ਬਾਬਾ ਨਛੱਤਰ ਸਿੰਘ ਜੀ ਅਸਟਰੀਆ ਯੂਰਪ ਦੀ ਧਰਤੀ ਤੋਂ ਵਾਪਸ ਪੰਜਾਬ ਦੀ ਧਰਤੀ ਤੇ ਪਹੁੰਚੇ

## ਚੀਫ ਐਡਵਾਈਜ਼ਰ ਬਾਬਾ ਸੱਜਣ ਸਿੰਘ ਜੀ ਅਤੇ ਸਮੂਹ ਅਹੁਦੇਦਾਰਾਂ ਵੱਲੋਂ ਜੋਸ਼ੋ ਖਰੋਸ਼ ਨਾਲ ਸਵਾਗਤ ਕੀਤਾ ਅਤੇ ਜੀ ਆਇਆ ਕਿਹਾ








ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲੇ ਅਸਟਰੀਆ ਯੂਰਪ ਦੀ ਧਰਤੀ ਤੋਂ ਵਾਪਸ ਪੰਜਾਬ ਪਹੁੰਚੇ। ਏਅਰਪੋਰਟ ਤੇ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ, ਜਥੇਦਾਰ ਬਾਬਾ ਜਰਨੈਲ ਸਿੰਘ ਜੀ ਜੈਤੋ ਸਰਜਾ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ  ਮੱਸਾ ਸਿੰਘ ਸਮੂਹ ਅਹੁਦੇਦਾਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਜੀ ਆਇਆਂ ਕਿਹਾ। ਬਾਬਾ ਸੱਜਣ ਸਿੰਘ ਜੀ ਨੇ ਬੋਲਦਿਆਂ ਦੱਸਿਆ ਕਿ ਜੋ ਜਥੇਦਾਰ ਨਛੱਤਰ ਸਿੰਘ ਜੀ ਅਸਟਰੀਆ ਯੂਰਪ ਦੀ ਧਰਤੀ ਤੇ ਰਹਿ ਰਹੇ ਹਨ। ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵਿੱਚ ਇਹਨਾਂ ਦੀਆਂ ਬਹੁਤ ਵੱਡੀਆਂ ਸੇਵਾਵਾਂ ਹਨ। ਜੋ ਅੱਜ ਵਾਪਸ ਪੰਜਾਬ ਦੀ ਧਰਤੀ ਤੇ ਪਹੁੰਚੇ ਹਨ। ਸਮੂਹ ਆਹੁਦੇਦਾਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਹੈ। ਇਸੇ ਤਰ੍ਹਾਂ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਹੁਰਾਂ ਨੇ ਪੰਥ ਦੇ ਪ੍ਰਸਿੱਧ ਕਥਾਵਾਚਕ ਭਾਈ ਪਿੰਦਰਪਾਲ ਸਿੰਘ ਜੀ ਨਾਲ ਮੁਲਾਕਾਤ ਕੀਤੀ ਅਤੇ ਕੁਝ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਜਥੇਦਾਰ ਬਾਬਾ ਨਛੱਤਰ ਸਿੰਘ ਜੀ ਨਾਲ ਜਥੇਦਾਰ ਬਾਬਾ ਜਰਨੈਲ ਸਿੰਘ ਜੀ ਜੈਤੋ ਸਰਜਾ ਵਾਲਿਆਂ ਦੀਆਂ ਬੇਟੀਆਂ ਵੀ ਪਹੁੰਚੀਆਂ  ਸਮੂਹ ਆਹੁਦੇਦਾਰਾਂ ਵੱਲੋਂ ਉਹਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ ।ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਮੀਤ ਪ੍ਰਧਾਨ ਜਥੇਦਾਰ ਬਾਬਾ ਜਰਨੈਲ ਸਿੰਘ ਜੀ ਜੈਤੋ ਸਰਜਾ, ਸੰਤ ਬਾਬਾ ਗੁਰਮੁਖ ਸਿੰਘ ਜੀ ਯੂਪੀ ਵਾਲੇ ਤਰਨ ਤਾਰਨ, ਸ੍ਰ ਗੁਰਬਖਸ਼ ਸਿੰਘ, ਜਥੇਦਾਰ ਬਾਬਾ ਜਰਨੈਲ ਸਿੰਘ ਜੀ ਦੇ ਦਮਾਦ ਸ੍ਰ ਜਸਵਿੰਦਰ ਸਿੰਘ ਅਤੇ ਇਹਨਾਂ ਦੀ ਧਰਮ ਸੁਪਤਨੀ ਅਤੇ ਹੋਰ ਬੱਚੇ ,ਬਾਬਾ ਹਰਦੇਵ ਸਿੰਘ ਜੀ, ਸ੍ਰ ਪਰਮਿੰਦਰ ਸਿੰਘ ਜੀ ਮੱਲੀ,ਬੀਬੀ ਹਰਜਿੰਦਰ ਕੌਰ ਜੀ, ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ ਦੇ ਮਾਤਾ ਮਹਿੰਦਰ ਕੌਰ ਚੀਮਾ ਨੂੰ

# ਨਗਰ ਦੇ ਲੋਕਾਂ ਸਮੇਤ ਵੱਖ ਵੱਖ ਧਾਰਮਿਕ, ਸਮਾਜਿਕ, ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਸੇਜਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ























ਆਵਾਜ਼ਿ ਕੌਮ AWAZE QAUM International Newspaper & WEB TV

ਜਗਰਾਉਂ – (ਵਰਿਆਮ ਹਠੂਰ) ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ ਦੇ ਸਤਿਕਾਰਯੋਗ ਮਾਤਾ ਮਹਿੰਦਰ ਕੌਰ ਜੀ ਚੀਮਾ ਚਕਰ, ਜੋ ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ। ਅੱਜ ਉਨ੍ਹਾਂ ਦਾ ਅੰਤਿਮ ਸੰਸਕਾਰ ਜ਼ਿਲ੍ਹਾ ਲੁਧਿਆਣਾ ਦੇ ਇਤਿਹਾਸਕ ਪਿੰਡ ਚਕਰ ਦੇ ਸ਼ਮਸ਼ਾਨ ਘਾਟ ਰਾਮ ਬਾਗ ਵਿਖੇ ਕੀਤਾ ਗਿਆ। ਜਿੱਥੇ ਉਨ੍ਹਾਂ ਨੂੰ ਸਾਕ ਸਬੰਧੀ ਰਿਸ਼ਤੇਦਾਰਾਂ, ਵੱਡੀ ਗਿਣਤੀ ਵਿੱਚ ਨਗਰ ਦੇ ਲੋਕਾਂ ਸਮੇਤ ਵੱਖ ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ, ਨਗਰ ਦੇ ਲੋਕਾਂ ਦਾ ਕਹਿਣਾ ਸੀ ਕਿ ਸਤਿਕਾਰਯੋਗ ਮਾਤਾ ਮਹਿੰਦਰ ਕੌਰ ਬਹੁਤ ਹੀ ਨਿੱਘੇ ਅਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ। ਅਤੇ ਹਰ ਇੱਕ ਨਾਲ ਅੱਛਾ ਰਸੂਖ਼ ਰੱਖਣ ਵਾਲੇ ਅਤੇ ਵਾਹਿਗੁਰੂ ਦਾ ਸਿਮਰਨ ਅਤੇ ਸ਼ੁਕਰਾਨਾ ਕਰਨ ਵਾਲੇ ਸਨ। ਮਾਤਾ ਮਹਿੰਦਰ ਕੌਰ ਚੀਮਾ ਦੀ ਜਿੱਥੇ ਪਰਿਵਾਰਕ ਮੈਂਬਰਾਂ ਅਤੇ ਰਿਸ਼ਤੇਦਾਰਾਂ ਨੂੰ ਵੱਡੀ ਘਾਟ ਰੜਕੇਗੀ ਉੱਥੇ ਉਨ੍ਹਾਂ ਨੂੰ ਪਿਆਰ ਸਤਿਕਾਰ ਕਰਨ ਵਾਲਿਆਂ ਨੂੰ ਵੀ ਉਨ੍ਹਾਂ ਦੀ ਹਮੇਸ਼ਾ ਕਮੀ ਮਹਿਸੂਸ ਹੋਵੇਗੀ। ਗੱਲਬਾਤ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਦੇ ਆਲ ਇੰਡੀਆ ਕਨਵੀਨਰ ਜਥੇਦਾਰ ਦਲੀਪ ਸਿੰਘ ਜੀ ਚਕਰ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ ਦੇ ਸਤਿਕਾਰਯੋਗ ਮਾਤਾ ਮਹਿੰਦਰ ਕੌਰ ਜੀ ਚੀਮਾ ਦੇ ਸਾਥੋਂ ਸਦਾ ਲਈ ਵਿੱਛੜ ਜਾਣ ਨਾਲ ਪਰਿਵਾਰ ਨੂੰ ਕਦੇ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਮਾਂ ਦਾ ਸਭ ਤੋਂ ਉੱਚਾ ਰੁਤਬਾ ਹੈ। ਤੇ ਮਾਂ ਦੀ ਘਾਟ ਕਦੇ ਵੀ ਪੂਰੀ ਨਹੀਂ ਹੋ ਸਕਦੀ ਅਸੀਂ ਸਮੂਹ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਉਹ ਹਮੇਸ਼ਾ ਲਈ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ, ਇਸ ਮੌਕੇ ਵੱਡੀ ਗਿਣਤੀ ਵਿੱਚ ਨਗਰ ਦੇ ਲੋਕਾਂ ਸਮੇਤ ਵੱਖ ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਹਾਜ਼ਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਇੰਗਲੈਂਡ ਦੇ ਸਿੱਖਾਂ ਨੇ 26 ਜਨਵਰੀ ਨੂੰ 'ਕਾਲਾ ਦਿਨ' ਮਨਾ ਕੇ

# ਭਾਰਤੀ ਹਾਈ ਕਮਿਸ਼ਨ ਲੰਡਨ ਸਾਹਮਣੇ ਕੀਤਾ ਜਬਰਦਸਤ ਰੋਹ ਪ੍ਰਦਰਸ਼ਨ


### ਖਾਲਿਸਤਾਨ ਜਿੰਦਾਬਾਦ ਦੇ ਗੂੰਜੇ ਨਾਹਰੇ































**ਲੰਡਨ, 27 ਜਨਵਰੀ ( ਸਰਬਜੀਤ ਸਿੰਘ ਬਨੂੜ)** - ਯੂ ਕੇ ਵਿੱਚ ਸਿੱਖਾਂ ਅਤੇ ਕਸ਼ਮੀਰੀ ਜਥੇਬੰਦੀਆਂ ਨੇ 26 ਜਨਵਰੀ ਗਣਤੰਤਰਾਂ ਦਿਵਸ ਨੂੰ 'ਕਾਲੇ ਦਿਨ' ਵਜੋਂ ਮਨਾ ਕੇ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ। ਭਾਰਤੀ ਹਾਈ ਕਮਿਸ਼ਨ ਲੰਡਨ ਦੇ ਬਾਹਰ ਸਿੱਖ, ਕਸ਼ਮੀਰੀ, ਨਾਂਗੇ, ਸਿੱਕਮ, ਅਸਾਮ ਦੇ ਲੋਕਾਂ ਨੇ ਭਾਰਤ ਵਿਰੁੱਧ ਨਾਅਰੇ ਲਾ ਕੇ ਭਾਰਤੀ ਰਾਜ ਦੇ ਸੰਵਿਧਾਨ ਨੂੰ ਮੰਨਣ ਤੋ ਇਨਕਾਰ ਕਰ ਦਿੱਤਾ ਗਿਆ। ਲੰਡਨ ਭਾਰਤੀ ਸ਼ਫ਼ਾਰਤਖ਼ਾਨੇ ਬਾਹਰ ਸਿੱਖ ਫੈਡਰੇਸ਼ਨ ਯੂ ਕੇ ਦੇ ਆਗੂਆਂ ਭਾਈ ਅਮਰੀਕ ਸਿੰਘ ਗਿੱਲ, ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਕੁਲਵੰਤ ਸਿੰਘ ਮੁਠੱਡਾ, ਹਰਦੀਸ਼ ਸਿੰਘ ਪੱਤੜ , ਜੋਗਾ ਸਿੰਘ ਬੱਬਰ ਅਕਾਲੀ ਆਰਗਨਾਈਜੇਸ਼ਨ, ਭਾਈ ਪਰਮਜੀਤ ਸਿੰਘ ਪੰਮਾ ਸਿੱਖਸ ਫਾਰ ਜਸਟਿਸ,ਲਵਸ਼ੰਦਿਰ ਸਿੰਘ

ਆਵਾਜ਼ਿ ਕੌਮ
AWAZE QAUM
International Newspaper & WEB TV

, ਵਰਲਡ ਸਿੱਖ ਪਾਰਲੀਮੈਂਟ ਦੇ ਭਾਈ ਮਨਪ੍ਰੀਤ ਸਿੰਘ ਡਰਬੀ ਨੇ ਭਾਰਤੀ ਹਿੰਦੂ ਹਕੂਮਤ ਵਲੋਂ ਸਿੱਖਾਂ ਅਤੇ ਘੱਟ ਗਿਣਤੀਆਂ ਉਤੇ ਕੀਤੇ ਜਾ ਰਹੇ ਜ਼ੁਲਮਾਂ ਖਿਲਾਫ ਭਾਰਤ ਸਰਕਾਰ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਦੁਨੀਆ ਭਰ ਵਿੱਚ ਵਸਦੇ ਅਜਾਦੀ ਪਸੰਦ ਲੋਕਾਂ ਨੂੰ ਭਾਰਤ ਸਰਕਾਰ ਦੇ ਕਬਜੇ ਹੇਠੋਂ ਪੰਜਾਬ ਨੂੰ ਅਜ਼ਾਦ ਕਰਾਉਣ ਵਾਸਤੇ ਖਾਲਿਸਤਾਨ ਰੈਫਰੈਂਡਮ ਦੀ ਚੱਲ ਰਹੀ ਮੁਹਿੰਮ ਵਿਚ ਵੱਧ ਚੜ ਕੇ ਖਾਲਿਸਤਾਨ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਬਿੰਦਰ ਸਿੰਘ ਢਿੱਲੋਂ, ਜਸਪਾਲ ਸਿੰਘ ਸਲੋਹ, ਜਸਪਾਲ ਸਿੰਘ ਬੈਂਸ, ਗੁਰਚਰਨ ਸਿੰਘ ਦਲ ਖਾਲਸਾ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਪਹੁੰਚੇ ਹੋਏ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## 76 ਜਥੇਬੰਦੀਆਂ ਦੇ ਕਿਸਾਨ ਮਜਦੂਰ ਮੋਰਚਾ ਦੇ ਪ੍ਰੋਗਰਾਮ ਤਹਿਤ ਦਿੱਲੀ ਅੰਦੋਲਨ ਦੇ

# 750 ਸ਼ਹੀਦਾਂ ਨੂੰ ਭਾਰਤ ਪੱਧਰ ਤੇ ਮੋਮਬੱਤੀਆਂ ਬਾਲਕੇ ਦਿੱਤੀ ਸ਼ਰਧਾਂਜਲੀ

### 13 ਫਰਵਰੀ ਦੇ ਦਿੱਲੀ ਅੰਦੋਲਨ ਲਈ ਹੋਈ ਕਿਸਾਨ ਮਜਦੂਰ ਜਥੇਬੰਦੀ ਦੀ ਤਿਆਰੀ ਕਨਵੈਨਸ਼ਨ



**ਚੰਡੀਗੜ੍ਹ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ 76 ਜਥੇਬੰਦੀਆਂ ਦੇ ਕਿਸਾਨ ਮਜਦੂਰ ਮੋਰਚਾ ਦੇ ਪ੍ਰੋਗਰਾਮ ਤਹਿਤ 26 ਜਨਵਰੀ ਦੀ ਸ਼ਾਮ ਨੂੰ ਪਿੰਡ ਪੱਧਰ ਤੇ ਮੋਮਬੱਤੀ ਮਾਰਚ ਕਰਕੇ ਭਾਰਤ ਦੇ ਹਜ਼ਾਰਾਂ ਪਿੰਡਾਂ ਵਿੱਚ ਨਵਰੀਤ ਸਿੰਘ ਡਿੱਬਡਿੱਬਾ ਸਮੇਤ 750 ਸ਼ਹੀਦ ਹੋਏ ਕਿਸਾਨਾਂ ਮਜ਼ਦੂਰਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦੇ ਸੂਬਾ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਦਿੱਲੀ ਅੰਦੋਲਨ ਦੇ ਸ਼ਹੀਦਾਂ ਦੀ ਕੁਰਬਾਨੀ ਸਦਕਾ ਦੇਸ਼ ਦੇ ਕਿਸਾਨ ਮਜਦੂਰ ਨੇ ਮੋਦੀ ਸਰਕਾਰ ਤੋਂ ਕਾਲੇ ਕਾਨੂੰਨ ਵਾਪਿਸ ਕਰਵਾਏ ਸਨ। ਓਹਨਾ ਕਿਹਾ ਕਿ ਲੋੜ ਹੈ ਕਿ ਅੱਜ ਓਹਨਾ ਸ਼ਹੀਦਾਂ ਦੇ ਅਧੂਰੇ ਰਹਿ ਗਏ ਕਾਰਜ਼ ਦਿੱਲੀ ਅੰਦੋਲਨ 2 ਵਿੱਚ ਪੂਰੇ ਕੀਤੇ ਜਾਣ। ਅੱਜ ਪਿੰਡ ਵੰਚੜੀ ਵਿੱਚ, ਕਿਸਾਨ ਮਜਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਦੇ ਸਾਂਝੇ ਸੱਦੇ ਤੇ ਦਿੱਲੀ ਅੰਦੋਲਨ ਦੀ ਤਿਆਰੀ ਦੇ ਚਲਦੇ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਸੂਬਾ ਆਗੂ ਜਰਮਨਜੀਤ ਸਿੰਘ ਬੰਡਾਲਾ ਅਤੇ ਗੁਰਬਚਨ ਸਿੰਘ ਚੱਬਾ ਦੀ ਅਗਵਾਹੀ ਵਿੱਚ 3 ਜੋਨਾਂ ਜੋਨ ਜੰਡਿਆਲਾ, ਜੋਨ ਬਾਬਾ ਨੋਧ ਸਿੰਘ, ਜੋਨ ਸ੍ਰੀ ਗੁਰੂ ਰਾਮਦਾਸ ਦੀ ਭਰਵੀਂ ਕਨਵੈਨਸ਼ਨ ਕੀਤੀ ਗਈ। ਇਸ ਮੌਕੇ ਗੱਲ ਕਰਦੇ ਆਗੂਆਂ ਕਿਹਾ ਕਿ ਜ਼ਿਲ੍ਹੇ ਭਰ ਵਿਚ ਦਿੱਲੀ ਅੰਦੋਲਨ ਦੀਆਂ ਤਿਆਰੀਆਂ ਸਬੰਧੀ ਮੀਟਿੰਗਾਂ, ਕਨਵੈਨਸ਼ਨਾਂ, ਟ੍ਰੈਕਟਰ ਮਾਰਚ ਕਰਕੇ ਲੋਕਾਂ ਵਿੱਚ ਕਿਸਾਨ ਮਜਦੂਰ ਮੰਗਾਂ ਸਬੰਧੀ ਪ੍ਰਚਾਰ ਅਤੇ ਚਰਚਾ ਕੀਤੀ ਜਾ ਰਹੀ ਹੈ। ਓਹਨਾ ਕਿਹਾ ਕਿ ਪੰਜਾਬ ਦੇ ਲੋਕਾਂ ਵਿੱਚ ਦਿੱਲੀ ਦੇ ਅੰਦੋਲਨ ਨੂੰ ਲੈ ਕੇ ਉਤਸ਼ਾਹ ਦਿਨੋ ਦਿਨ ਵਧ ਰਿਹਾ ਹੈ ਅਤੇ ਦਿੱਲੀ ਕੂਚ ਲਈ ਹੁਣ ਤੋਂ ਹੀ ਟ੍ਰੈਕਟਰ ਟਰਾਲੀਆਂ ਤਿਆਰ ਕੀਤੇ ਜਾ ਰਹੇ ਹਨ। ਓਹਨਾ ਕਿਹਾ ਕਿ ਸਾਰੀਆਂ ਫ਼ਸਲਾਂ ਦੀ ਖਰੀਦ ਤੇ ਐਮ. ਐਸ. ਪੀ. ਗਰੰਟੀ ਕਨੂੰਨ ਬਣਾ ਕੇ ਫ਼ਸਲਾਂ ਦੇ ਭਾਅ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਲੈਣ, ਕਿਸਾਨਾਂ ਮਜਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕਰਵਾਉਣ, ਫ਼ਸਲੀ ਬੀਮਾ ਯੋਜਨਾ ਲਾਗੂ ਕਰਵਾਉਣ, 58 ਸਾਲ ਦੇ ਕਿਸਾਨ ਮਜਦੂਰ ਲਈ 10 ਹਜ਼ਾਰ ਪੈਨਸ਼ਨ, ਜਮੀਨ ਐਕਵਾਇਰ ਕਰਨ ਸਬੰਧੀ ਕਨੂੰਨ ਨੂੰ 2013 ਵਾਲੇ ਰੂਪ ਵਿੱਚ ਬਹਾਲ ਕਰਵਾਉਣ, ਲਖੀਮਪੁਰ ਖੀਰੀ ਕਤਲਕਾਂਡ ਦੇ ਦੋਸ਼ੀਆ ਨੂੰ ਸਜ਼ਾਵਾਂ ਦਿਵਾਉਣ, ਦਿੱਲੀ ਅੰਦੋਲਨ ਦੌਰਾਨ ਪਏ ਪੁਲਿਸ ਕੇਸ ਰੱਦ ਕਰਵਾਉਣ, ਖੇਤੀ ਸੈਕਟਰ ਨੂੰ ਪ੍ਰਦੂਸ਼ਣ ਕਨੂੰਨ ਵਿੱਚੋ ਬਾਹਰ ਕਰਨ, ਭਾਰਤ ਨੂੰ ਵਿਸ਼ਵ ਵਪਾਰ ਸੰਸਥਾ ਵਿੱਚੋ ਬਾਹਰ ਕਰਵਾਉਣ, ਬਿਜਲੀ ਸੋਧ ਬਿੱਲ 2020 ਨੂੰ ਪੂਰੀ ਤਰ੍ਹਾਂ ਰੱਦ ਕਰਵਾਉਣ, ਆਦਿਵਾਸੀਆਂ ਦੀ 5ਵੀਂ ਸੂਚੀ ਲਾਗੂ ਕਰਵਾਉਣ, ਗੰਨਾ ਕਿਸਾਨਾਂ ਦੀਆਂ ਮੁਸ਼ਕਿਲਾਂ ਹੱਲ ਕਰਵਾਉਣ ਦੀਆਂ ਮੰਗਾਂ ਨੂੰ ਲੈ ਕੇ ਸ਼ੁਰੂ ਹੋਣ ਜਾ ਰਹੇ ਦਿੱਲੀ ਅੰਦੋਲਨ ਲਈ 13 ਫਰਵਰੀ ਨੂੰ ਲੱਖਾਂ ਕਿਸਾਨ ਮਜਦੂਰ ਦਿੱਲੀ ਨੂੰ ਚਾਲੇ ਪਾਉਣਗੇ। ਇਸ ਮੌਕੇ ਵੱਖ ਵੱਖ ਜੋਨਾਂ ਤੋਂ ਚਰਨਜੀਤ ਸਿੰਘ ਸਫੀਪੁਰ, ਪਰਗਟ ਸਿੰਘ ਗੁਨੋਵਾਲ, ਰੇਸ਼ਮ ਸਿੰਘ, ਕੰਵਲਜੀਤ ਸਿੰਘ ਵਨਚੜ੍ਹੀ, ਮਨਰਾਜ ਸਿੰਘ ਮਨੀ, ਬਲਿਹਾਰ ਸਿੰਘ ਛੀਨਾ, ਬਲਜਿੰਦਰ ਸਿੰਘ ਸਭਰਾ, ਮੰਗਵਿੰਦਰ ਸਿੰਘ ਸਮੇਤ ਵੱਖ ਵੱਖ ਪਿੰਡਾਂ ਦੇ ਕਿਸਾਨਾਂ ਮਜਦੂਰਾਂ ਅਤੇ ਔਰਤਾਂ ਨੇ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV






ਨਵਰੀਤ ਸਿੰਘ ਡਿਬਡਬਾ ਸਮੇਤ ਦਿੱਲੀ ਅੰਦੋਲਨ ਦੇ 750 ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ ਕੱਥੂ ਨੰਗਲ ਟੋਲ ਪਲਾਜ਼ਾ ਤੇ ਮੋਮਬਤੀਆਂ ਬਾਲ ਕੇ ਪ੍ਰਦਰਸ਼ਨ ਕੀਤਾ ਗਿਆ।

# ਬਰਗਾੜੀ, ਬੇਅਦਬੀ, ਬਹਿਬਲ ਕਲਾਂ, ਕੋਟਕਪੂਰਾ

(ਭਾਗ-6)

ਆਪ ਜੀ ਨੂੰ ਕੋਟਾਨ ਕੋਟਿ ਵਧਾਈ ਹੋਵੇ ਮੁੱਖ ਮੰਤਰੀ ਸਾਹਬ, ਤੁਸੀਂ ਲਿੰਗ ਨਿਰਧਾਰਣ ਟੈਸਟ ਨਹੀਂ ਕਰਾ ਕੇ ਬਹੁਤ ਵੱਡਾ ਸੁਨੇਹਾ ਦਿੱਤਾ ਪੰਜਾਬ ਵਾਸੀਆਂ ਨੂੰ। ਤੁਹਾਡੇ ਘਰੇ ਰਾਜਕੁਮਾਰੀ ਜਨਮ ਲਵੇ ਜਾਂ ਰਾਜਕੁਮਾਰ, ਵੋ ਵੀ ਪੰਜਾਬ ਦੇ ਮੁੱਖ ਮੰਤਰੀ ਦੀ ਕੁਰਸੀ ਤੇ ਬੈਠਣ, ਸਾਨੂੰ ਬਹੁਤ ਖੁਸ਼ੀ ਹੋਵੇਗੀ। ਲੇਕਿਨ ਮੇਰੇ ਨਾਲ ਕੀਤਾ ਹੋਇਆ ਵਾਇਦਾ ਖਾਸਕਰ ਜਿਸ ਦਿਨ ਤੁਸੀਂ ਮੇਰੀ ਜੋਇਨਿੰਗ ਕਰਾਈ ਸੀ ਅੰਮ੍ਰਿਤਸਰ ਦੇ ਪਵਿੱਤਰ ਸ਼ਹਿਰ ਵਿਖੇ ਮਿਤੀ 21.06.2021 ਨੂੰ ਜਿੱਥੇ ਮਾਣਯੋਗ ਕੇਜਰੀਵਾਲ ਸਾਹਬ ਆਏ ਸਨ ਉਚੇਚੇ ਤੌਰ ਤੇ। ਮੁੱਦਾ ਬਰਗਾੜੀ, ਬੇਅਦਬੀ, ਕੋਟਕਪੂਰਾ ਅਤੇ ਬਹਿਬਲ ਕਲਾਂ ਗੋਲੀ ਕਾਂਡ ਦਾ। ਮੈਂ ਅੱਜ ਵੀ ਉੱਥੇ ਹਾਂ ਜਿੱਥੇ ਇਲੈਕਸ਼ਨ ਤੋਂ ਪਹਿਲਾਂ ਖੜਿਆ ਸੀ, ਪੰਜਾਬ ਵੀ ਉੱਥੇ ਠਹਿਰ ਕੇ ਰਹਿ ਗਿਆ। ਤੁਹਾਨੂੰ ਮਿਤੀ 28.11.2023 ਨੂੰ ਚੰਡੀਗੜ੍ਹ ਵਿਖੇ ਤੁਹਾਡੀ ਸਰਕਾਰੀ ਰਿਹਾਇਸ਼ ਤੇ ਮੁਲਾਕਾਤ ਕਰਕੇ ਵੇਰਵੇ ਸਹਿਤ ਵਿਸਤਾਰਪੂਰਵਕ ਗੱਲ ਕੀਤੀ, ਇਸ ਸਬੰਧ ਵਿੱਚ। ਅੱਜ ਦੋ ਮਹੀਨੇ ਪੂਰੇ ਹੋ ਗਏ ਲੇਕਿਨ ਹੁਣ ਤੁਹਾਡੇ ਪੀ. ਏ. ਵੀ ਮੇਰਾ ਫੋਨ ਸੁਣ ਕੇ ਰਾਜ਼ੀ ਨਹੀਂ ਹਨ। ਮੋਰਚੇ ਵਾਲੇ ਦੇ ਨਾਲ ਤੁਹਾਡਾ ਰਾਜੀਨਾਮਾ ਹੋ ਗਿਆ ਅਤੇ ਮੋਰਚੇ ਵਾਲਿਆਂ ਨੂੰ ਮੇਰੇ ਖਿਲਾਫ ਹੀ ਲਗਾ ਦਿੱਤਾ ਕਾਨੂੰਨੀ ਦਾਂਵ ਪੇਚ ਵਿੱਚ। ਦੋਸ਼ੀਆਂ ਦੇ ਵੱਡੇ ਵਕੀਲ ਸਾਹਿਬਾਨ ਜੋ ਕਿ ਅੱਜ ਤੁਹਾਡੀ ਸਰਕਾਰ ਦੇ ਵੱਡੇ ਸਰਕਾਰੀ ਵਕੀਲ ਬਣੇ ਹਨ, ਮੇਰੇ ਅਤੇ ਮੇਰੇ ਪ੍ਰਾਈਵੇਟ ਵਕੀਲਾਂ ਨੂੰ ਚੰਗੀ ਟੱਕਰ ਦੇ ਰਹੇ ਹਨ। ਮਿਲਦੇ ਹਾਂ, ਮਿਤੀ 29.01.2024 ਨੂੰ ਅਦਾਲਤ ਵਿੱਖੇ ਫਰੀਦਕੋਟ। ਲੇਕਿਨ ਇਹ ਸਾਰਾ ਹਿਸਾਬ ਕਿਤਾਬ ਗੁਰੂ ਗੋਬਿੰਦ ਸਿੰਘ ਜੀ ਦੀ ਅਦਾਲਤ ਵਿੱਚ ਰੱਖਿਆ ਜਾ ਰਿਹਾ ਹੈ, ਜਿਥੋਂ ਇੰਨਸਾਫ਼ ਦੀ ਮੈਨੂੰ ਪੂਰਨ ਆਸ ਹੈ ਜੀ।

ਆਵਾਜ਼ਿ ਕੌਮ AWAZE QAUM International Newspaper & WEB TV



ਆਮ ਆਦਮੀ ਪਾਰਟੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੇ ਨਾਲ ਕੀਤੇ ਵਾਅਦੇ ਜਿਸ ਵਿੱਚ ਬੇਅਦਬੀ ਅਤੇ ਬਰਗਾੜੀ, ਕੋਟਕਪੂਰਾ ਤੇ ਬਹਿਬਲ ਕਲਾਂ ਗੋਲੀਕਾਂਡ ਹਨ ਯਾਦ ਕਰਵਾਏ ਗਏ ਤੇ ਆਖਿਆ ਹੈ ਕਿ ਜੇਕਰ ਸਮਾਂ ਹੋਇਆ ਤੇ ਇੰਨਾ ਵੱਲ ਵੀ ਧਿਆਨ ਦੇਣਾ, ਕੁੰਵਰ ਵਿਜੇ ਪ੍ਰਤਾਪ ਨੇ ਆਖਿਆ ਹੈ ਕਿ ਹੁਣ ਮੁੱਖ ਮੰਤਰੀ ਦੇ ਪੀਏ ਵੀ ਉਸਦਾ ਫੋਨ ਨਹੀ ਚੁੱਕ ਰਹੇ, ਇਸਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਮਾਨ ਵੱਲੋ "ਲਿੰਗ ਨਿਰਧਾਰਣ ਟੈਸਟ" ਨਾ ਕਰਵਾਉਣ ਤੇ ਧੰਨਵਾਦ ਵੀ ਕੀਤਾ ਕਿ ਵਾਕਿਆ ਹੀ ਬਹੁਤ ਵੱਡਾ ਸੁਨੇਹਾ ਦੇ ਦਿੱਤਾ ਗਿਆ।



## ਖਾਲਸਾ ਪੰਥ ਵੱਲੋਂ ਸ਼ਹੀਦ ਜਥੇਦਾਰ ਕਾਉਂਕੇ ਸਾਹਿਬ ਨੂੰ

# ਪੰਥ ਰਤਨ ਫ਼ਖ਼ਰੇ ਕੌਮ ਐਵਾਰਡ ਨਾਲ ਕੀਤਾ ਗਿਆ ਸਨਮਾਨਿਤ

### ਸਨਮਾਨ ਜਥੇਦਾਰ ਕਾਉਂਕੇ ਦੇ ਸਪੁੱਤਰ ਭਾਈ ਹਰੀ ਸਿੰਘ ਕਾਉਂਕੇ ਨੇ ਪ੍ਰਾਪਤ ਕੀਤਾ











**ਚੰਡੀਗੜ੍ਹ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਨੇੜੇ ਚੰਡੀਗੜ ਵਿਖੇ ਅੱਜ ਪੰਥ ਜਥੇਬੰਦੀਆਂ ਵਲੋਂ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਮਰ ਸ਼ਹੀਦ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਸ਼ਹੀਦੀ ਉਪਰੰਤ ਪੰਥ ਰਤਨ ਫ਼ਖਰੇ ਕੌਮ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਇਹ ਸਨਮਾਨ ਜਥੇਦਾਰ ਕਾਉਂਕੇ ਦੇ ਸਪੁੱਤਰ ਭਾਈ ਹਰੀ ਸਿੰਘ ਕਾਉਂਕੇ ਨੇ ਪ੍ਰਾਪਤ ਕੀਤਾ ਇਹ ਸ਼ਹੀਦੀ ਸਮਾਗਮ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਮੈਂਬਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਪਰਾਲੇ ਸਦਕਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕੀਤਾ ਗਿਆ ਸ਼ਹੀਦੀ ਸਮਾਗਮ ਨੂੰ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਭਾਈ ਜਸਬੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ,ਸਰਦਾਰ ਸੁਖਦੇਵ ਸਿੰਘ ਢੀਂਡਸਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸੰਯੁਕਤ,ਭਾਈ ਮੋਹਕਮ ਸਿੰਘ ਦਮਦਮੀ ਟਕਸਾਲ,ਪਰਮਜੀਤ ਸਿੰਘ ਸਹੌਲੀ ਪ੍ਰਧਾਨ ਸੁਤੰਤਰ ਅਕਾਲੀ ਦਲ,ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਖ਼ੁਸ਼ਹਾਲ ਸਿੰਘ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਚੰਡੀਗੜ,ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਸੰਤ ਸਮਾਜ,ਸਰਬਜੀਤ ਸਿੰਘ ਸੋਹਲ,ਜਸਪਾਲ ਸਿੰਘ ਸਿੱਧੂ,ਡਾਕਟਰ ਮਨਜੀਤ ਸਿੰਘ ਭੋਮਾ,ਦੀਦਾਰ ਸਿੰਘ ਨਲਵੀ ਮੈਂਬਰ ਅਤੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਬੋਧਨ ਕੀਤਾ ਸਾਰੇ ਪੰਥਕ ਬੁਲਾਰਿਆਂ ਵੱਲੋਂ ਜਥੇਦਾਰ ਕਾਉਂਕੇ ਸਾਹਿਬ ਸ਼ਹੀਦ ਕਰਨ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਵਾਸਤੇ ਧਾਰਮਿਕ ਅਤੇ ਕਾਨੂੰਨੀ ਲੜਾਈ ਨੂੰ ਅੱਗੇ ਤੋਰਨ ਦਾ ਅਹਿਦ ਲਿਆ ਗਿਆ ਅਤੇ ਸਿੱਖ ਸੰਗਤਾਂ ਨੂੰ ਜਾਗਰੂਕ ਕੀਤਾ ਸਾਰੇ ਪੰਥਕ ਆਗੂਆਂ ਨੇ ਕਿਹਾ ਕੇ ਪੰਥ ਨਾਲ ਧਰੋਹ ਕਮਾਉਣ ਵਾਲੇ ਪ੍ਰਕਾਸ਼ ਸਿੰਘ ਬਾਦਲ ਨੂੰ ਜਥੇਦਾਰਾਂ ਵਲੋਂ ਅਕਾਲ ਤਖਤ ਸਾਹਿਬ ਤੋਂ ਦਿੱਤਾ ਪੰਥ ਰਤਨ ਫ਼ਖਰੇ ਕੌਮ ਐਵਾਰਡ ਤੁਰੰਤ ਵਾਪਿਸ ਲਿਆ ਜਾਵੇ ਅਤੇ ਖਾਲਸਾ ਪੰਥ ਵੱਲੋਂ ਜਥੇਦਾਰ ਕਾਉਂਕੇ ਸਾਹਿਬ ਨੂੰ ਅੱਜ ਦਿੱਤਾ ਗਿਆ ਪੰਥ ਰਤਨ ਫਖ਼ਰੇ ਕੌਮ ਐਵਾਰਡ ਦਾ ਐਲਾਨ ਅਕਾਲ ਤਖਤ ਸਾਹਿਬ ਤੋਂ ਜਲਦ ਕੀਤਾ ਜਾਵੇ ਸ਼ਹੀਦੀ ਸਮਾਗਮ ਵਿੱਚ 5 ਗੁਰਮਤੇ ਵੀ ਪਾਸ ਕੀਤੇ ਗਏ ਜਿਸ ਵਿੱਚ ਮੁੱਖ ਮੰਤਰੀ ਪੰਜਾਬ ਨਾਲ ਜਲਦ ਮੁਲਾਕਾਤ ਕਰਕੇ ਦੋਸੀਆਂ ਉਪਰ ਕਤਲ ਦਾ ਪਰਚਾ ਦਰਜ ਕਰਾਕੇ ਦੋਸ਼ੀਆਂ ਨੂੰ ਸਜਾਵਾਂ ਦੇਣ,ਤਿਵਾੜੀ ਜਾਂਚ ਰਿਪੋਰਟ ਨੂੰ ਦੱਬ ਕੇ ਰੱਖਣ ਦੇ ਦੋਸ਼ੀ ਮੰਨਦਿਆਂ ਕੈਪਟਨ ਅਮਰਿੰਦਰ ਸਿੰਘ ਤੇ ਸੁਖਬੀਰ ਸਿੰਘ ਬਾਦਲ ਨੂੰ ਅਕਾਲ ਤਖਤ ਸਾਹਿਬ ਦੇ ਜਥੇਦਾਰਾਂ ਵਲੋਂ ਤਲਬ ਕਰਕੇ ਸਜ਼ਾ ਲਗਾਉਣ,ਪੰਥ ਦਾ ਦੁਸ਼ਮਣ ਦੁਸ਼ਮਣ ਮੰਨਦਿਆਂ ਪ੍ਰਕਾਸ਼ ਸਿੰਘ ਬਾਦਲ ਤੋਂ ਫਖ਼ਰੇ ਕੌਮ ਪੰਥ ਰਤਨ ਐਵਾਰਡ ਵਾਪਿਸ ਲੈਣ,10 ਫਰਵਰੀ ਨੂੰ ਜਲੰਧਰ ਵਿੱਚ ਪੰਥ ਦਾ ਨੁਮਾਇੰਦਾ ਇਕੱਠ ਕਰਨ ਦਾ ਮਤਾ ਪਾਸ ਕੀਤਾ ਉਪਰੋਕਤ ਪੰਥਕ ਆਗੂਆਂ ਤੋਂ ਇਲਾਵਾ ਸ਼ਹੀਦੀ ਸਮਾਗਮ ਵਿੱਚ ਸੰਤ ਸਵਰਨਜੀਤ ਸਿੰਘ ਮਿਸਲ ਸ਼ਹੀਦਾਂ ਤਰਨਾ ਦਲ,ਸੰਤ ਹਾਕਮ ਸਿੰਘ ਸੰਪਰਦਾਇ ਸਰਹਾਲੀ ਸਾਹਿਬ,ਸੰਤ ਅਮਰੀਕ ਸਿੰਘ ਕਾਰ ਸੇਵਾ ਪਟਿਆਲਾ,ਸੰਤ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ,ਭਾਈ ਨਵਤੇਜ ਸਿੰਘ ਕਾਉਣੀ ਮੈਂਬਰ ਸ਼੍ਰੋਮਣੀ ਕਮੇਟੀ, ਭੁਪਿੰਦਰ ਸਿੰਘ ਭੁੱਲਰ ਮੈਂਬਰ ਦਿੱਲੀ ਕਮੇਟੀ,ਸਿੰਘ ਸਾਹਿਬ ਭਾਈ ਜਗਜੀਤ ਸਿੰਘ ਨਾਢਾ ਸਾਹਿਬ,ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ,ਮੈਂਬਰ ਸੁਦਰਸ਼ਨ ਸਿੰਘ ਸਹਿਗਲ ਅੰਬਾਲਾ,ਮੈਂਬਰ ਤਰਵਿੰਦਰਪਾਲ ਸਿੰਘ ਅੰਬਾਲਾ,ਮੈਂਬਰ ਹਰਬੰਸ ਸਿੰਘ ਕੜਕੌਲੀ ਯਮੁਨਾਨਗਰ ਨਗਰ,ਮੈਂਬਰ ਤਜਿੰਦਰਪਾਲ ਸਿੰਘ ਨਾਰਨੌਲ,ਮੈਂਬਰ ਸੁਜਿੰਦਰ ਸਿੰਘ ਤੂਰ ਪੰਚਕੂਲਾ,ਸਾਬਕਾ ਮੈਂਬਰ ਗੁਰਪ੍ਰਸਾਦ ਸਿੰਘ ਫਰੀਦਾਬਾਦ,ਸੰਤ ਗੁਰਦੇਵ ਸਿੰਘ ਨਾਨਕਸਰ ਸੈਕਟਰ 28 ਚੰਡੀਗੜ,ਸੰਤ ਹਰਬੰਸ ਸਿੰਘ ਊਨਾ ਸਾਹਿਬ,ਸੰਤ ਰਣਜੀਤ ਸਿੰਘ ਸੇਵਾਪੰਥੀ ਗੋਨਿਆਣਾ ਮੰਡੀ,ਸੰਤ ਜਤਿੰਦਰ ਸਿੰਘ ਕਲਾਨੌਰ,ਸੰਤ ਹਰਬੰਸ ਸਿੰਘ ਰਵਾਲੋਂ,ਭਾਈ ਸਤਨਾਮ ਸਿੰਘ ਦਿੱਲੀ,ਭਾਈ ਬਲਵਿੰਦਰ ਸਿੰਘ ਦਿੱਲੀ,ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਯੂਐਸਏ,ਗੁਰਨਾਮ ਸਿੰਘ ਸਿੱਧੂ ਚੰਡੀਗੜ,ਭਾਈ ਸਤਨਾਮ ਸਿੰਘ ਮਨਾਵਾਂ,ਭਾਈ ਬਲਵੰਤ ਸਿੰਘ ਗੋਪਾਲਾ,ਪਰਮਜੀਤ ਸਿੰਘ ਜਿਜੇਆਣੀ,ਬਲਦੇਵ ਸਿੰਘ ਅਦਲੀਵਾਲ,ਭਰਪੂਰ ਸਿੰਘ ਧਾਂਦਰਾ,ਮੈਨੇਜਰ ਪਰਮਜੀਤ ਸਿੰਘ,ਤਜਿੰਦਰ ਸਿੰਘ ਪੰਨੂ ਸ਼੍ਰੋਮਣੀ ਅਕਾਲੀ ਦਲ 1920,ਭਾਈ ਗੁਰਦੀਪ ਸਿੰਘ ਬਠਿੰਡਾ ਚੇਅਰਮੈਨ ਯੂਨਾਈਟਿਡ ਅਕਾਲੀ ਦਲ,ਬਲਵਿੰਦਰ ਸਿੰਘ ਲੋਕ ਅਧਿਕਾਰ ਲਹਿਰ,ਉਮਰਾਓ ਸਿੰਘ ਛੀਨਾ ਕੈਥਲ,ਬਾਬਾ ਲਖਵੀਰ ਸਿੰਘ ਲਲੌਂਡੇ ਵਾਲੇ ਪ੍ਰਧਾਨ ਇੰਟਰਨੈਸ਼ਨਲ ਸੰਤ ਸਮਾਜ,ਬਾਬਾ ਪ੍ਰੀਤਮ ਸਿੰਘ ਰਾਜਪੁਰਾ,ਬਾਬਾ ਭਗਵੰਤ ਸਿੰਘ ਢੀਂਡਸਾ,ਬਾਬਾ ਜੀਵਨ ਸਿੰਘ ਚੁਨਾਗਰਾ,ਬਾਬਾ ਸਤਨਾਮ ਸਿੰਘ ਸਾਹਪੁਰ ਬੇਲਾ,ਬਾਬਾ ਹਰਪਾਲ ਸਿੰਘ ਅਰਨੌਲੀ,ਬਾਬਾ ਸੁਖਦੇਵ ਸਿੰਘ ਨਾਨਕਸਰ ਪਟਿਆਲਾ,ਬਾਬਾ ਗੁਰਪ੍ਰੀਤ ਸਿੰਘ ਮੋਹਲਗੜ,ਬਾਬਾ ਜੈਦੀਪ ਸਿੰਘ ਲੋਪੋਂ,ਬਾਬਾ ਨਾਇਬ ਸਿੰਘ ਬਹਾਦਰਗੜ,ਬਾਬਾ ਕੁਲਦੀਪ ਸਿੰਘ ਮਜਾਤ,ਬਾਬਾ ਕੁਲਵਿੰਦਰ ਸਿੰਘ ਕਲਹੇੜੀ,ਬਾਬਾ ਸਤਨਾਮ ਸਿੰਘ ਪੋਹਲੋਮਾਜਰਾ,ਬਾਬਾ ਜਗਜੀਤ ਸਿੰਘ ਕਕਰਾਲਾ,ਬਾਬਾ ਨਾਜਰ ਸਿੰਘ ਧਬਲਾਨ,ਬਾਬਾ ਸੁੰਦਰ ਸਿੰਘ ਪਟਿਆਲਾ,ਬਾਬਾ ਗੁਰਵਿੰਦਰ ਸਿੰਘ ਮਾਛੀਵਾੜਾ,ਬਾਬਾ ਲਾਲ ਸਿੰਘ ਰਾਜਪੁਰਾ,ਬਾਬਾ ਬੂਟਾ ਸਿੰਘ ਦੀਪਕ ਜੋਧਪੁਰੀ,ਬੀਬੀ ਹਰਪਾਲ ਕੌਰ ਦਲਿਤ ਨੇਤਾ,ਅਵਤਾਰ ਸਿੰਘ ਸਹੋਤਾ,ਅਰਵਿੰਦਰ ਸਿੰਘ ਸੋਢੀ,ਕੁਲਦੀਪ ਸਿੰਘ ਸਰਸੀਣੀ,ਬਖਸ਼ੀਸ਼ ਸਿੰਘ ਭੱਟੀ,ਅਵਤਾਰ ਸਿੰਘ ਚਾਂਦਪੁਰਾ ਵੀ ਹਾਜ਼ਰ ਸਨ

ਇਸ ਮੌਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ

**(ਬਾਕੀ ਅਗਲੇ ਪੰਨੇ 'ਤੇ)**

## ਖਾਲਸਾ ਪੰਥ ਵੱਲੋਂ ਸ਼ਹੀਦ ਜਥੇਦਾਰ ਕਾਉਂਕੇ ਸਾਹਿਬ ਨੂੰ

# ਪੰਥ ਰਤਨ ਫ਼ਖ਼ਰੇ ਕੌਮ ਐਵਾਰਡ ਨਾਲ ਕੀਤਾ ਗਿਆ ਸਨਮਾਨਿਤ


### ਸਨਮਾਨ ਜਥੇਦਾਰ ਕਾਉਂਕੇ ਦੇ ਸਪੁੱਤਰ ਭਾਈ ਹਰੀ ਸਿੰਘ ਕਾਉਂਕੇ ਨੇ ਪ੍ਰਾਪਤ ਕੀਤਾ















ਸਾਬਕਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਸ ਸੁਖਦੇਵ ਸਿੰਘ ਢੀਂਡਸਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ ਭਾਈ ਮੋਹਕਮ ਸਿੰਘ , ਭੁਪਿੰਦਰ ਸਿੰਘ ਭੁੱਲਰ ਮੈਂਬਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਪੰਜਾਬ ਜਿਹਨਾਂ ਨੇ ਸਟੇਜ ਸਕੱਤਰ ਦੀ ਸੇਵਾ ਬਾਖ਼ੂਬੀ ਨਿਭਾਈ। ਸ ਰਵੀਇੰਦਰ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ( 1920 ) ਵਲੋਂ ਤਜਿੰਦਰ ਸਿੰਘ ਪੰਨੂ ਤੇ ਭਰਪੂਰ ਸਿੰਘ ਧਾਂਦਰਾ ਕਰਨੈਲ ਸਿੰਘ ਪੰਜੋਲੀ ਪੰਜਾਬ ਗੁਰਦੀਪ ਸਿੰਘ ਬਠਿੰਡਾ ਬਲਵਿੰਦਰ ਸਿੰਘ ਸਰਬਜੀਤ ਸਿੰਘ ਜੰਮੂ ਦਿੱਲੀ ਕਮੇਟੀ ਸਤਨਾਮ ਸਿੰਘ ਮਨਾਵਾਂ ਸਰਬਜੀਤ ਸਿੰਘ ਸੋਹਲ ਬਲਵੰਤ ਸਿੰਘ ਗੁਪਾਲਾ ਸੰਤ ਚਰਨਜੀਤ ਸਿੰਘ ਜੱਸੋਵਾਲ ਸੰਤ ਸਵਰਨਜੀਤ ਸਿੰਘ ਮਿਸ਼ਲ ਸ਼ਹੀਦਾਂ ਤਰਨਾ ਦਲ ਭਾਈ ਨਵਤੇਜ ਸਿੰਘ ਕਾਉਣੀ ਮੈਂਬਰ ਸ਼੍ਰੋਮਣੀ ਕਮੇਟੀ ਸਰਦਾਰ ਸੁਦਰਸ਼ਨ ਸਿੰਘ ਸਹਿਗਲ ਅੰਬਾਲਾ ਮੈਂਬਰ ਹਰਿਆਣਾ ਕਮੇਟੀ ਸਰਦਾਰ ਸੁਖਜਿੰਦਰ ਸਿੰਘ ਮੰਡੇਬਰ ਜਮਨਾ ਨਗਰ ਮੈਂਬਰ ਹਰਿਆਣਾ ਸਰਦਾਰ ਗੁਰਵਿੰਦਰ ਸਿੰਘ ਧਨੇਜਾ ਕਰਨਾਲ ਮੈਂਬਰ ਜਨਰਲ ਸਕੱਤਰ ਹਰਿਆਣਾ ਕਮੇਟੀ ਸਰਦਾਰ ਤਰਵਿੰਦਰਪਾਲ ਸਿੰਘ ਅੰਬਾਲਾ ਮੈਂਬਰ ਹਰਿਆਣਾ ਕਮੇਟੀ ਸਰਦਾਰ ਹਰਬੰਸ ਸਿੰਘ ਕੜਕੌਲੀ ਯਮੁਨਾ ਨਗਰ ਮੈਂਬਰ ਹਰਿਆਣਾ ਕਮੇਟੀ, ਸਰਦਾਰ ਸੁਜਿੰਦਰ ਸਿੰਘ ਤੂਰ ਪੰਚਕੂਲਾ ਮੈਂਬਰ ਹਰਿਆਣਾ ਕਮੇਟੀ , ਸਰਦਾਰ ਸੁਖਦੇਵ ਸਿੰਘ ਗੋਬਿੰਦਗੜ੍ਹ, ਸੰਤ ਹਰਬੰਸ ਸਿੰਘ ਊਨਾ ਸਾਹਿਬ, ਸੰਤ ਹਰਬੰਸ ਸਿੰਘ ਰਵਾਲੋ ਅੰਬਾਲਾ , ਸਰਦਾਰ ਗੁਰਦੇਵ ਸਿੰਘ ਕਾਰ ਸੇਵਾ ਬਨੂੰੜ, ਜਥੇਦਾਰ ਮਨਮੋਹਨ ਸਿੰਘ ਬਲੋਲੀ, ਜਥੇਦਾਰ ਰਜਿੰਦਰ ਸਿੰਘ ਬਕਾਲਾ, ਸਰਦਾਰ ਗੁਰ ਪ੍ਰਸਾਦ ਸਿੰਘ ਫਰੀਦਾਬਾਦ ਸਾਬਕਾ ਮੈਂਬਰ ਹਰਿਆਣਾ ਕਮੇਟੀ, ਬਾਬਾ ਕਰਤਾਰ ਸਿੰਘ ਤਿਲੋਕੇਵਾਲਾ, ਭਾਈ ਸਤਨਾਮ ਸਿੰਘ ਦਿੱਲੀ , ਭਾਈ ਬਲਵਿੰਦਰ ਸਿੰਘ ਦਿੱਲੀ , ਸੰਤ ਹਾਕਮ ਸਿੰਘ ਸਰਹਾਲੀ ਵਾਲੇ , ਸਰਦਾਰ ਤਜਿੰਦਰ ਪਾਲ ਸਿੰਘ ਨਾਰੋਵਾਲ ਮੈਂਬਰ ਹਰਿਆਣਾ ਕਮੇਟੀ , ਸਰਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨਆਰਆਈ ਵਿੰਗ ਯੂਐਸਏ, ਸਰਦਾਰ ਉਮਰਾਓ ਸਿੰਘ ਛੀਨਾ , ਸਰਦਾਰ ਪਰਮਜੀਤ ਸਿੰਘ ਜੀਜੇਆਣੀ , ਸਰਦਾਰ ਬਲਦੇਵ ਸਿੰਘ ਅਦਲੀਵਾਲ , ਸਰਦਾਰ ਪਰਮਜੀਤ ਸਿੰਘ ਸੋਹਲੀ ਪ੍ਰਧਾਨ ਸਕੱਤਰ ਅਕਾਲੀ ਦਲ, ਹਰਪਾਲ ਕੌਰ ਦਲਿਤ ਨੇਤਾ , ਅਵਤਾਰ ਸਿੰਘ ਸਹੋਤਾ ਦਲਿਤ ਨੇਤਾ , ਡਾਕਟਰ ਖੁਸ਼ਹਾਲ ਸਿੰਘ ਕੇਂਦਰੀ ਸਿੰਘ ਸਭਾ, ਜਸਪਾਲ ਸਿੰਘ ਸਿੱਧੂ ਪੱਤਰਕਾਰ, ਬਾਬਾ ਪ੍ਰਦੀਪ ਸਿੰਘ ਚਾਂਦਪੁਰਾ , ਖੁਸ਼ਹਾਲ ਸਿੰਘ ., ਜਸਪਾਲ ਸਿੰਘ ਸਿੱਧੂ, ਰਾਜਵਿੰਦਰ ਸਿੰਘ ਰਾਹੀ, ਸਰਦਾਰ ਦੀਦਾਰ ਸਿੰਘ ਨਲਵੀ ਹਰਿਆਣਾ ਕਮੇਟੀ ਪ੍ਰਧਾਨ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਚੰਡੀਗੜ੍ਹ, ਸੰਤ ਅਮਰੀਕ ਸਿੰਘ ਕਾਰ ਸੇਵਾ ਪਟਿਆਲੇ ਵਾਲੇ, ਸਰਦਾਰ ਭਰਪੂਰ ਸਿੰਘ ਧਾਂਦਰਾ , ਸਰਦਾਰ ਤਜਿੰਦਰ ਸਿੰਘ ਪੰਨੂ , ਭਾਈ ਹਰੀ ਸਿੰਘ, ਸਰਪ੍ਰੀਤ ਸਿੰਘ, ਭਾਈ ਗੁਰਨਾਮ ਸਿੰਘ ਸਿੱਧੂ, ਸੰਤ ਰਣਜੀਤ ਸਿੰਘ ਤੇ ਹੋਰ ਪੰਥਕ ਸ਼ਖਸੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਅਧਿਆਪਕ ਵਰਕਸ਼ਾਪ ਦਾ ਆਯੋਜਨ








**ਤਲਵੰਡੀ ਸਾਬੋ, 26 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਪੰਥ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮਾਨਯੋਗ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਯੋਗ ਅਗਵਾਈ ਵਿਚ ਇੱਕ ਰੋਜ਼ਾ ਅਧਿਆਪਕ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਆਉਂਦੇ 30 ਕਾਲਜਾਂ ਅਤੇ 40 ਸਕੂਲਾਂ ਦੇ ਧਾਰਮਿਕ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਪਰਮਿੰਦਰ ਸਿੰਘ ਨੇ ਆਏ ਹੋਏ ਅਧਿਆਪਕ ਸਾਹਿਬਾਨਾਂ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਜੀ ਆਇਆਂ ਆਖ ਕੇ ਕੀਤੀ। ਉਪਰੰਤ ਸੈਸ਼ਨ ਦੇ ਪਹਿਲੇ ਬੁਲਾਰੇ ਪਰਮਪਾਲ ਸਿੰਘ, ਅਲਾਇੰਸ ਆਫ਼ ਸਿੱਖ ਆਰਗੇਨਾਈਜੇਸ਼ਨ ਨੇ ਵਰਕਸ਼ਾਪ ਦੇ ਮਨੋਰਥ ਅਤੇ ਧਾਰਮਿਕ ਸਿੱਖਿਆ ਦਾ ਜੀਵਨ ਵਿਚ ਮਹੱਤਵ ਵਿਸ਼ੇ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉੱਘੇ ਸਿੱਖ ਵਿਦਵਾਨ ਪ੍ਰੋ. ਸਤਨਾਮ ਸਿੰਘ ਸਲੋਹਪੁਰੀ ਨੇ ਵਿਦਿਆਰਥੀ ਸਖਸ਼ੀਅਤ ਵਿਚ ਧਰਮ ਸਿੱਖਿਆ ਦਾ ਯੋਗਦਾਨ ਅਤੇ ਧਰਮ ਪ੍ਰਚਾਰ ਸਬੰਧੀ ਵੱਖ-ਵੱਖ ਤਕਨੀਕਾਂ ਬਾਰੇ ਚਰਚਾ ਕੀਤੀ। ਉਹਨਾਂ ਆਖਿਆ ਕਿ ਅਜੋਕੇ ਜਾਗਰੂਕ ਵਿਦਿਆਰਥੀ ਨੂੰ ਧਰਮ ਨਾਲ ਜੋੜਨ ਲਈ ਸਾਨੂੰ ਆਪਣੇ ਪ੍ਰਚਾਰ ਦੇ ਢੰਗ ਅਤੇ ਪ੍ਰਚਾਰ ਸਾਧਨਾਂ ਨੂੰ ਸਮੇਂ ਦਾ ਹਾਣੀ ਬਣਾਉਣਾ ਪਵੇਗਾ। ਉਨਾਂ ਆਖਿਆ ਕਿ ਵਿਦਿਆਰਥੀ ਆਪਣੇ ਜੀਵਨ ਦਾ ਵੱਡਾ ਹਿੱਸਾ ਸਿੱਖਿਆ ਸੰਸਥਾਵਾਂ ਵਿਚ ਗੁਜ਼ਾਰਦਾ ਹੈ ਅਤੇ ਉਸਦੀ ਸਖਸ਼ੀਅਤ ਘੜਨ ਵਿਚ ਅਧਿਆਪਕਾਂ ਦਾ ਅਹਿਮ ਰੋਲ ਹੁੰਦਾ ਹੈ। ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸੰਬੋਧਨ ਹੁੰਦਿਆਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਪੰਥ ਪ੍ਰਤੀ ਦੇਣ ਨੂੰ ਯਾਦ ਕਰਦਿਆਂ ਸਮੂਹ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ। ਉਹਨਾਂ ਆਖਿਆ ਕਿ ਦੁਨਿਆਵੀਂ ਸਿੱਖਿਆ ਦੇ ਨਾਲ-ਨਾਲ ਨੈਤਿਕ ਅਤੇ ਧਾਰਮਿਕ ਸਿੱਖਿਆ ਵੀ ਜੀਵਨ ਦਾ ਬਹੁਤ ਜ਼ਰੂਰੀ ਅੰਗ ਹੈ। ਉਹਨਾਂ ਕਿਹਾ ਕਿ ਮਨੁੱਖਾ ਜੀਵਨ ਸਦਾਚਾਰਕ ਗੁਣਾਂ ਤੋਂ ਬਿਨਾਂ ਖੋਖਲਾ ਹੈ। ਇਸ ਲਈ ਸਾਨੂੰ ਵਿਦਿਆਰਥੀਆਂ ਵਿਚ ਸਾਡੇ ਮਹਾਨ ਸਿੱਖ ਫਲਸਫੇ, ਰਹਿਤ ਮਰਿਆਦਾ ਅਤੇ ਸਿੱਖ ਨੈਤਿਕਤਾ ਦੇ ਪ੍ਰਚਾਰ ਲਈ ਪੂਰੀ ਦ੍ਰਿੜਤਾ, ਜ਼ਜ਼ਬੇ ਅਤੇ ਚੜ੍ਹਦੀ ਕਲਾ ਨਾਲ ਯਤਨੇ ਆਰੰਭਣੇ ਪੈਣਗੇ। ਅੰਤ ਵਿਚ ਭਾਗ ਲੈਣ ਵਾਲੇ ਸਮੂਹ ਅਧਿਆਪਕ ਸਾਹਿਬਾਨਾਂ ਨੂੰ ਸਿੰਘ ਸਾਹਿਬ ਵੱਲੋਂ ਸਰਟੀਫਿਕੇਟ ਤਕਸੀਮ ਕੀਤੇ ਗਏ। ਇਸ ਮੌਕੇ ਬਾਬਾ ਹਰਦੀਪ ਸਿੰਘ ਜੀ ਅਨੰਦਪੁਰ ਸਾਹਿਬ ਵਾਲੇ, ਜਸਵਿੰਦਰ ਸਿੰਘ ਜੈਤੋ ਪੀ.ਏ, ਭਾਈ ਰਵਿੰਦਰ ਸਿੰਘ ਖਾਲਸਾ, ਪ੍ਰਿੰਸੀਪਲ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ, ਰਣਜੀਤ ਸਿੰਘ ਮੈਨੇਜਰ ਤਖ਼ਤ ਸਾਹਿਬ, ਗੁਰਦੇਵ ਸਿੰਘ ਮੀਤ ਮੈਨੇਜਰ ਆਦਿ ਸਖਸ਼ੀਅਤਾਂ ਬਿਰਾਜਮਾਨ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ : ਗੋਬਿੰਦ ਸਿੰਘ ਸੰਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਮੈਂਬਰ ਪਾਰਲੀਮੈਂਟ ਸ, ਸਿਮਰਨਜੀਤ ਸਿੰਘ ਮਾਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲੋਂ ਉਤਸਾਹਿਤ ਕਰਨ ਦੇ ਲਈ ਖੇਡ ਕਿੱਟਾਂ, ਜਿੰਮਾ ਦੇ ਕੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸਾਹਿਤ ਕੀਤਾ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜੱਥੇਬੰਦਕ ਸਕੱਤਰ ਸ, ਗੋਬਿੰਦ ਸਿੰਘ ਸੰਧੂ ਦੋਹਤਾ ਸ, ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਨੇ ਕੀਤਾ। ਉਨ੍ਹਾਂ ਲੰਮੇ ਸਮੇਂ ਤੋਂ ਜੇਲ ਚ ਬੰਦ ਭਾਈ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦੀ ਅਪੀਲ ਰੱਦ ਕੀਤੇ ਜਾਣ ਤੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਸ, ਭੁੱਲਰ ਦੀ ਵਿਸ਼ੇਸ਼ ਪਟੀਸ਼ਨ ਦਾ ਕੇਸ ਦਿੱਲੀ ਸਰਕਾਰ ਤੇ ਛੱਡ ਦਿੱਤਾ ਸੀ ਪਰ ਦਿੱਲੀ ਸਰਕਾਰ ਨੇ ਬਾਵਜੂਦ ਜਾਣ ਬੁੱਝ ਕੇ ਭੁੱਲਰ ਦੀ ਰਿਹਾਈ ਦੀ ਕਰਨ ਦੀ ਬਜਾਏ,ਪਟੀਸ਼ਨ ਨੂੰ ਰੱਦ ਕਰਨਾ ਜਰੂਰੀ ਸਮਝਿਆ ਹੈ। ਉਹਨਾਂ ਕਿਹਾ ਕਿ ਸਿੱਖ ਪੰਥ ਨਾਲ ਸਮੇਂ ਦੀਆਂ ਸਰਕਾਰਾਂ ਨੇ ਧੋਖਾ ਹੀ ਕੀਤਾ ਹੈ,ਪਿਛਲੇ ਲੰਮੇ ਤੋਂ ਵੱਖ ਵੱਖ ਜੇਲਾਂ ਵਿੱਚ ਬੰਦ ਆਪਣੀਆਂ ਸੇਵਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਦੇ ਨੌਜਵਾਨ ਆਗੂਆਂ ਨੂੰ ਸਰਕਾਰਾਂ ਵੱਲੋਂ ਜੇਲਾਂ ਵਿੱਚ ਬੰਦ ਕੀਤਾ ਹੋਇਆ ਹੈ, ਬਾਰ ਬਾਰ ਰਿਹਾਈ ਦੀ ਮੰਗ ਕਰਨ ਦੇ ਬਾਵਜੂਦ ਵੀ ਉਹਨਾਂ ਨੂੰ ਰਿਹਾਈ ਨਹੀਂ ਕੀਤਾ ਜਾ ਰਿਹਾ। ਜਦੋਂ ਕਿ ਬਲਾਤਕਾਰ ਦੇ ਕੇਸ ਦੇ ਅੰਦਰ ਝੂਠਾ ਸੌਦਾ ਸਾਧ ਨੂੰ ਸਰਕਾਰਾਂ ਵੱਲੋਂ ਨੌਵੀਂ ਵਾਰ ਪੈਰੋਲ ਦੇ ਕੇ ਜੇਲ ਤੋਂ ਬਾਹਰ ਕੀਤਾ ਹੋਇਆ ਹੈ ।ਇਸ ਮੌਕੇ ਉਹਨਾਂ ਦੇ ਨਾਲ ਸਾਧੂ ਸਿੰਘ ਪੇਧਨੀ, ਨਰਿੰਦਰ ਸਿੰਘ ਕਾਲਾਬੂਲਾ, ਅਮਰਜੀਤ ਸਿੰਘ ਬਾਦਸ਼ਾਹਪੁਰ, ਹਰਬੰਸ ਸਿੰਘ ਸਲੇਮਪੁਰ, ਵਾਸਵੀਰ ਸਿੰਘ ਰਾਜੋਮਾਜਰਾ, ਗੁਰਪ੍ਰੀਤ ਸਿੰਘ ਮੂਲੋਵਾਲ, ਜਸਵੀਰ ਸਿੰਘ ਧੰਦੀਵਾਲ, ਲਾਲੀ ਧੂਰੀ ਤੋਂ ਇਲਾਵਾ ਕਲੱਬ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡੇਂਗੂ /ਮਲੇਰੀਆ ਬੀਮਾਰੀਆਂ ਤੋਂ ਬਚਾਅ ਲਈ ਵਿਭਾਗ ਨੇ ਕੀਤਾ ਜਾਗਰੂਕ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾ ਕਿਰਪਾਲ ਸਿੰਘ ਦੀਆਂ ਹਦਾਇਤਾਂ ਅਨੁਸਾਰ ਡੇਂਗੂ ਮਲੇਰੀਆ ਬਚਾਅ ਪ੍ਰੋਗਰਾਮਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੀ ਐਚ ਸੀ ਸ਼ੇਰਪੁਰ ਅਧੀਨ ਆਉਂਦੇ ਪਿੰਡ ਲੱਡਾ ਵਿਖੇ ਸਿਹਤ ਵਿਭਾਗ ਦੇ ਅਧਿਕਾਰੀ ਸ਼੍ਰੀ ਜਗਤਾਰ ਸਿੰਘ ਸਹਾਇਕ ਮਲੇਰੀਆ ਅਫਸਰ ਸੰਗਰੂਰ ਵਿਸ਼ੇਸ਼ ਤੌਰ ਤੇ ਪਹੁੰਚੇ ਉਨ੍ਹਾਂ ਮੌਸਮੀ ਬਿਮਾਰੀਆਂ ਅਤੇ ਡੇਂਗੂ /ਮਲੇਰੀਆ ਵਰਗੀਆਂ ਬੀਮਾਰੀਆਂ ਤੋਂ ਬਚਾਉਣ ਲਈ ਲੋਕਾਂ ਉਪਾਅ ਦੱਸੇ ਲੋਕਾਂ ਤੋਂ ਇਹਨਾਂ ਅਲਾਮਤਾਂ ਤੋਂ ਬਚਾਅ ਕਰਨ ਲਈ ਸਹਿਯੋਗ ਦੀ ਮੰਗ ਕੀਤੀ। ਇਸ ਤੋਂ ਉਹਨਾਂ ਨੈਸ਼ਨਲ ਵੋਟਰ ਦਿਵਸ ਉੱਤੇ ਵੋਟ ਦੀ ਮਹੱਤਤਾ ਵੀ ਦੱਸੀ। ਇਸ ਸਮੇਂ ਉਹਨਾਂ ਦੇ ਨਾਲ ਸ਼੍ਰੀ ਅਸ਼ੋਕ ਕੁਮਾਰ ਐਸ ਆਈ ਡਾਕਟਰ ਵਰਿੰਦਰ ਸਿੰਘ ਸੀ ਐਚ ਓ ਅਤੇ ਸ਼੍ਰ ਜਸਵਿੰਦਰ ਸਿੰਘ ਮਲਟੀਪਰਪਜ ਹੈਲਥ ਵਰਕਰ ਵੀ ਮੌਜੂਦ ਸਨ।

# ਵਿਭਾਗ ਚ ਚੰਗੀਆਂ ਸੇਵਾਵਾਂ ਨਿਭਾਉਣ ਬਦਲੇ ਸ. ਮਲਕੀਤ ਸਿੰਘ ਪੀ.ਟੀ.ਆਈ ਸਨਮਾਨਿਤ



ਧੂਰੀ ( ਰਣਜੀਤ ਸਿੰਘ ਪੇਧਨੀ ) 26 ਜਨਵਰੀ ਗਣਤੰਤਰ ਦਿਵਸ ਦੇ ਮੌਕੇ ਤੇ ਸਿੱਖਿਆ ਵਿਭਾਗ ਵਿੱਚ ਤਨਦੇਹੀ ਨਾਲ ਸੇਵਾਵਾਂ ਨਿਭਾਉਣ ਬਦਲੇ ਸ.ਮਲਕੀਤ ਸਿੰਘ ਪੀ.ਟੀ.ਆਈ. ਟੀਚਰ ਸਰਕਾਰੀ ਮਿਡਲ ਸਕੂਲ ਹਸਨਪੁਰ ਨੂੰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੁਆਰਾ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਹਨਾਂ ਨੂੰ ਆਪਣੇ ਪਿੱਤਰੀ ਸਕੂਲ ਦੀ ਤਰੱਕੀ ਵਿੱਚ ਨਿਭਾਏ ਯੋਗਦਾਨ ਸਦਕਾ ਅਤੇ ਜਿਲ੍ਹਾ ਖੇਡ ਕਮੇਟੀ ਵਿੱਚ ਕੀਤੀ ਨਿਭਾਈ ਅਣਥੱਕ ਸੇਵਾ ਸਕਦਾ ਕੀਤਾ ਗਿਆ। ਮਲਕੀਤ ਸਿੰਘ ਜਿਲ੍ਹਾ ਖੇਡ ਕਮੇਟੀ ਵਿੱਚ ਲੰਗਰ ਦੀ ਸੇਵਾ ਬੜੀ ਨਿਮਰਤਾ ਤੇ ਸੇਵਾ ਭਾਵ ਨਾਲ ਨਿਭਾਉਦੇ ਹਨ ਅਤੇ ਹਰੇਕ ਨੂੰ ਖਿੜ੍ਹੇ ਮੱਥੇ ਅਤੇ ਸਤਿਕਾਰ ਨਾਲ ਮਿਲਦੇ ਹਨ। ਇਸ ਤੇ ਹਲਕਾ ਵਿਧਾਇਕ ਮੈਡਮ ਨਰਿੰਦਰ ਕੌਰ ਭਰਾਜ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ : ਗੋਬਿੰਦ ਸਿੰਘ ਸੰਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਮੈਂਬਰ ਪਾਰਲੀਮੈਂਟ ਸਰਦਾਰ ਸਿਮਰਨਜੀਤ ਸਿੰਘ ਮਾਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲੋਂ ਉਤਸਾਹਿਤ ਕਰਨ ਦੇ ਲਈ ਖੇਡ ਕਿੱਟਾਂ ਜਿੰਮਾ ਦੇ ਕੇ ਨੌਜਵਾਨਾਂ ਨੂੰ ਖੇਡਾਂ ਵਾਲਿਓ ਉਤਸਾਹਿਤ ਕੀਤਾ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜੱਥੇਬੰਦਕ ਸਕੱਤਰ ਸ, ਗੋਬਿੰਦ ਸਿੰਘ ਸੰਧੂ ਦੋਹਤਾ ਸ, ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਨੇ ਕੀਤਾ। ਉਨ੍ਹਾਂ ਲੰਮੇ ਸਮੇਂ ਤੋਂ ਜੇਲ ਚ ਬੰਦ ਭਾਈ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦੀ ਅਪੀਲ ਰੱਦ ਕੀਤੇ ਜਾਣ ਤੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਸ, ਭੁੱਲਰ ਦੀ ਵਿਸ਼ੇਸ਼ ਪਟੀਸ਼ਨ ਦਾ ਕੇਸ ਦਿੱਲੀ ਸਰਕਾਰ ਤੇ ਛੱਡ ਦਿੱਤਾ ਸੀ ਪਰ ਦਿੱਲੀ ਸਰਕਾਰ ਨੇ ਬਾਵਜੂਦ ਜਾਣ ਬੁੱਝ ਕੇ ਭੁੱਲਰ ਦੀ ਰਿਹਾਈ ਦੀ ਕਰਨ ਦੀ ਬਜਾਏ,ਪਟੀਸ਼ਨ ਨੂੰ ਰੱਦ ਕਰਨਾ ਜਰੂਰੀ ਸਮਝਿਆ ਹੈ। ਉਹਨਾਂ ਕਿਹਾ ਕਿ ਸਿੱਖ ਪੰਥ ਨਾਲ ਸਮੇਂ ਦੀਆਂ ਸਰਕਾਰਾਂ ਨੇ ਧੋਖਾ ਹੀ ਕੀਤਾ ਹੈ,ਪਿਛਲੇ ਲੰਮੇ ਤੋਂ ਵੱਖ ਵੱਖ ਜੇਲਾਂ ਵਿੱਚ ਬੰਦ ਆਪਣੀਆਂ ਸੇਵਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਦੇ ਨੌਜਵਾਨ ਆਗੂਆਂ ਨੂੰ ਸਰਕਾਰਾਂ ਵੱਲੋਂ ਜੇਲਾਂ ਵਿੱਚ ਬੰਦ ਕੀਤਾ ਹੋਇਆ ਹੈ, ਬਾਰ ਬਾਰ ਰਿਹਾਈ ਦੀ ਮੰਗ ਕਰਨ ਦੇ ਬਾਵਜੂਦ ਵੀ ਉਹਨਾਂ ਨੂੰ ਰਿਹਾਈ ਨਹੀਂ ਕੀਤਾ ਜਾ ਰਿਹਾ। ਜਦੋਂ ਕਿ ਬਲਾਤਕਾਰ ਦੇ ਕੇਸ ਦੇ ਅੰਦਰ ਝੂਠਾ ਸੌਦਾ ਸਾਧ ਨੂੰ ਸਰਕਾਰਾਂ ਵੱਲੋਂ ਨੌਵੀਂ ਵਾਰ ਪੈਰੋਲ ਦੇ ਕੇ ਜੇਲ ਤੋਂ ਬਾਹਰ ਕੀਤਾ ਹੋਇਆ ਹੈ ।ਇਸ ਮੌਕੇ ਉਹਨਾਂ ਦੇ ਨਾਲ ਸਾਧੂ ਸਿੰਘ ਪੇਧਨੀ, ਨਰਿੰਦਰ ਸਿੰਘ ਕਾਲਾਬੂਲਾ, ਅਮਰਜੀਤ ਸਿੰਘ ਬਾਦਸ਼ਾਹਪੁਰ, ਵਾਸਵੀਰ ਸਿੰਘ ਰਾਜੋਮਾਜਰਾ, ਲਾਲੀ ਧੂਰੀ ਤੋਂ ਇਲਾਵਾ ਕਲੱਬ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਮੋਦੀ ਹਕੂਮਤ ਤੋਂ ਫ਼ਸਲਾਂ ਤੇ ਨਸਲਾਂ ਬਚਾਉਣ ਲਈ 13 ਫ਼ਰਵਰੀ ਨੂੰ

# ਦਿੱਲੀ ਵੱਲ ਕੂਚ ਕਰੋ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ





**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 26 ਜਨਵਰੀ ਕੁਲਜੀਤ ਸਿੰਘ ਖੋਖਰ-** ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਸੂਬਾ ਕਮੇਟੀ ਨੇ ਕਿਹਾ ਕਿ ਮੋਦੀ ਸਰਕਾਰ ਕੋਲੋਂ ਫਸਲਾਂ ਤੇ ਨਸਲਾਂ ਨੂੰ ਬਚਾਉਣ ਲਈ 13 ਫ਼ਰਵਰੀ ਨੂੰ ਦਿੱਲੀ ਵੱਲ ਕੂਚ ਕਰੋ ਦੀ ਕਾਲ ਦਿੱਤੀ ਹੈ ਉਹਨਾਂ ਕਿਹਾ ਕਿ ਕਿਸਾਨਾਂ ਅਤੇ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਤੋਂ ਤੰਗ ਆ ਕੇ ਕਿਸਾਨ ਅਤੇ ਮਜ਼ਦੂਰ ਖ਼ੁਦਕੁਸ਼ੀਆਂ ਕਰ ਰਹੇ ਹਨ ਅਗੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਸੂਬਾ ਪੰਜਾਬ ਬਲਾਕ ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ ਦੇ ਪ੍ਰਧਾਨ ਕੈਪਟਨ ਅਜੀਤ ਸਿੰਘ ਨੇ ਕਿਹਾ ਕਿ ਵੱਡੇ ਪਧਰ ਤੇ ਖੇਤੀ ਮਸੀਨਰੀ ਰੇਹਾਂ ਸੁਪਰੇਅਂ ਆਉਣ ਕਰਕੇ ਮਜ਼ਦੂਰ ਤਬਕਾ ਬੇਰੁਜ਼ਗਾਰ ਹੋ ਗਿਆ ਹੈ ਦੂਜੇ ਪਾਸੇ ਆਪਾਂ ਮਣਾਂ ਮੂੰਹੀਂ ਪੈਦਾਵਾਰ ਕਰਕੇ ਵੀ ਕਰਜ਼ਾਈ ਹੋ ਗਏ ਹਾਂ ਕਿਉਂਕਿ ਪੂਰੀ ਮਿਹਨਤ ਨਾਲ ਤਿਆਰ ਕੀਤੀਆਂ ਗਈਆਂ ਫਸਲਾਂ ਦਾ ਪੂਰਾ ਭਾਅ ਨਹੀਂ ਮਿਲਦਾ ਅਗੇ ਉਹਨਾਂ ਕਿਹਾ ਕਿ ਖੇਤੀਬਾੜੀ ਕਾਨੂਨ ਰੱਦ ਕਰਵਾਉਣ ਪਿੱਛੋਂ ਦਿੱਲੀ ਮੋਰਚੇ ਨੂੰ ਮੁਲਤਵੀ ਹੋਇਆਂ 26 ਮਹੀਨੇ ਹੋ ਗਏ ਹਨ ਉਸ ਵੇਲੇ ਦੀਆਂ ਬਕਾਇਆ ਰਹੀਆਂ ਮੰਗਾਂ ਮੋਦੀ ਸਰਕਾਰ ਨੇ ਬਿਲਕੁਲ ਵਿਸਾਰ ਦਿਤੀਆਂ ਹਨ ਉਹਨਾਂ ਨੂੰ ਰਹਿਦੀਆਂ ਮੰਗਾਂ ਬਾਹਰ ਬਾਹਰ ਯਾਦ ਕਰਾ ਰਹੇ ਹਾਂ ਪਰ ਕੋਈ ਵੀ ਸੁਣਵਾਈ ਨਹੀਂ ਹੋ ਰਹੀ ਸੋ ਮੇਰੀ ਸਾਰੀਆਂ ਕਿਸਾਨ ਯੂਨੀਅਨ ਨੂੰ ਬੇਨਤੀ ਹੈ ਕਿ ਫਸਲਾਂ ਤੇ ਨਸਲਾਂ ਨੂੰ ਬਚਾਉਣ ਲਈ 13 ਫ਼ਰਵਰੀ ਨੂੰ ਦਿੱਲੀ ਵੱਲ ਕੂਚ ਕੀਤਾ ਜਾਵੇ ਅਗੇ ਉਹਨਾਂ ਕਿਹਾ ਕਿ ਉਤਰੀ ਭਾਰਤ ਦੀਆਂ 18 ਜਥੇਬੰਦੀਆਂ ਅਤੇ ਗੈ਼ਰ ਰਾਜਨੀਤਕ ਸੁਯੁੰਕਤ ਕਿਸਾਨ ਮੋਰਚੇ ਨੇ ਇਕ ਵਾਰ ਫਿਰ ਦਿੱਲੀ ਵੱਲ ਕੂਚ ਕਰਨ ਦਾ ਇਤਿਹਾਸਕ ਫ਼ੈਸਲਾ ਕੀਤਾ ਹੈ ਅਗੇ ਉਹਨਾਂ ਕਿਹਾ ਕਿ ਪਿਛਲੇ ਦਿਲੀ ਅੰਦੋਲਨ ਦੀਆਂ ਰਹਿਦੀਆਂ ਮੰਗਾਂ ਜਿਵੇਂ ਕਿ ਲਖੀਮਪੁਰ ਖੀਰੀ ਕਤਲੇਆਮ ਦਾ ਸ਼ਕਿਾਰ ਹੋਏ ਲੋਕਾਂ ਨੂੰ ਇਨਸਾਫ ਦਿੱਤਾ ਜਾਵੇ ਅਸ਼ੀਸ਼ ਮਿਸ਼ਰਾ ਦੀ ਜ਼ਮਾਨਤ ਰੱਦ ਕੀਤੀ ਜਾਵੇ ਅਤੇ ਸਾਰੇ ਦੋਸ਼ੀਆਂ ਤੇ ਬਣਦੀ ਕਾਰਵਾਈ ਕੀਤੀ ਜਾਵੇ ਅਤੇ 58 ਸਾਲ ਦੀ ਉਮਰ ਵਾਲੇ ਕਿਸਾਨਾਂ ਅਤੇ ਮਜ਼ਦੂਰਾਂ ਲਈ ਪੈਨਸ਼ਨ ਦਸ ਹਜ਼ਾਰ ਪ੍ਰਤੀ ਮਹੀਨਾ ਜਾਰੀ ਕੀਤਾ ਜਾਵੇ ਅਤੇ ਸਾਡੀਆਂ ਫਸਲਾਂ ਦੇ ਸਰਕਾਰ ਖ਼ੁਦ ਪ੍ਰੀਮੀਅਮ ਭਰ ਕੇ ਫ਼ਸਲੀ ਬੀਮਾ ਯੋਜਨਾ ਲਾਗੂ ਕੀਤੀ ਜਾਵੇ ਇਸ ਮੌਕੇ ਉਨ੍ਹਾਂ ਨਾਲ ਕੁਲਦੀਪ ਸਿੰਘ ਗੁਰਮੇਜ਼ ਸਿੰਘ ਕੁਲਵਿੰਦਰ ਸਿੰਘ ਬਸਰਾਂਵਾ ਕੁਲਦੀਪ ਸਿੰਘ ਸੈਰੋਵਾਲ ਸਰਦੂਲ ਸਿੰਘ ਚੀਮਾ ਖੁੱਡੀ ਅਤੇ ਸਮੂਹ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਮੈਂਬਰ ਹਾਜ਼ਰ ਸਨ।

**ਇਸ ਸਬੰਧੀ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਵੱਲੋ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਬਜ਼ਾਰਾਂ ਵਿੱਚ ਟਰੈਕਟਰ ਮਾਰਚ ਕੱਢਿਆ ਗਿਆ**

# ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਮੌਕੇ ਕਰਵਾਏ ਗਏ ਧਾਰਮਿਕ ਸਮਾਗਮ





ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)- ਤਖਤ ਸ੍ਰੀ ਦਮਦਮਾ ਸਾਹਿਬ ਦੇ ਪਹਿਲੇ ਜਥੇਦਾਰ ਅਤੇ ਸਿੱਖ ਕੌਮ ਦੇ ਮਹਾਨ ਯੋਧੇ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਸੰਗਤਾਂ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਅਤੇ ਹੋਰਨਾਂ ਸਥਾਨਾਂ ’ਤੇ ਧਾਰਮਿਕ ਸਮਾਗਮ ਕਰਵਾਏ ਗਏ। ਤਖਤ ਸਾਹਿਬ ਦੇ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਅੱਜ ਸਭ ਤੋਂ ਪਹਿਲਾਂ ਬੀਤੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਤਖਤ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਜਦੋਂਕਿ ਅਰਦਾਸ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਕੀਤੀ। ਸਮਾਗਮ ’ਚ ਮੌਜੂਦ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਬਾਬਾ ਦੀਪ ਸਿੰਘ ਨੂੰ ਨਾ ਕੇਵਲ ਇੱਕ ਯੋਧਾ ਸਗੋਂ ਵਿਦਵਾਨ ਦੱਸਿਆ ਗਿਆ ਜਿੰਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪੂਰਨਤਾ ’ਚ ਸਹਿ ਲਿਖਾਈ ਵਜੋਂ ਸੇਵਾਵਾਂ ਨਿਭਾਈਆਂ।ਉਨਾਂ ਨੇ ਸੰਗਤਾਂ ਨੂੰ ਬਾਬਾ ਦੀਪ ਸਿੰਘ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਤਖਤ ਸਾਹਿਬ ਦੇ ਸਮੁੱਚੇ ਪ੍ਰਬੰਧਕਾਂ ਵੱਲੋਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਸਨਮਾਨ ਵੀ ਕੀਤਾ ਗਿਆ। ਸਮਾਗਮ ’ਚ ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ ਮੈਂਬਰ ਸ਼੍ਰੋਮਣੀ ਕਮੇਟੀ, ਗੁਰਸੇਵਕ ਸਿੰਘ ਕਿੰਗਰਾ ਅਤੇ ਭਾਈ ਮੇਜਰ ਸਿੰਘ ਮੀਤ ਮੈਨੇਜ਼ਰ, ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਪੰਥਕ ਸੇਵਾ ਲਹਿਰ ਦਾਦੂ ਆਦਿ ਸ਼ਾਮਿਲ ਹੋਏ। ਉੱਧਰ ਹਰ ਸਾਲ ਵਾਂਗ ਇਤਿਹਾਸਿਕ ਨਗਰ ਤਲਵੰਡੀ ਸਾਬੋ ਦੇ ਬਾਬਾ ਦੀਪ ਸਿੰਘ ਬੱਸ ਅੱਡਾ ਪ੍ਰਬੰਧਕ ਕਮੇਟੀ ਵੱਲੋਂ ਵੀ ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਮੌਕੇ ਧਾਰਮਿਕ ਸਮਾਗਮ ਕਰਵਾਏ ਗਏ। ਬੱਸ ਸਟੈਂਡ ’ਚ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਬੱਸ ਅੱਡਾ ਪ੍ਰਬੰਧਕ ਕਮੇਟੀ ਵੱਲੋਂ ਪੁੱਜੀਆਂ ਸਖਸ਼ੀਅਤਾਂ ਅਤੇ ਸਹਿਯੋਗੀਆਂ ਦਾ ਸਨਮਾਨ ਕੀਤਾ ਗਿਆ।

# ਵਿਕਾਸ ਕਾਰਜਾਂ ਦੇ ਕੰਮਾਂ ਦੀ ਲੋਕ ਆਪਣੇ ਮੂੰਹੋਂ ਸਰਕਾਰ ਦੀ ਸਲਾਘਾ ਕਰ ਰਹੇ ਹਨ: ਮਾਤਾ ਹਰਪਾਲ ਕੌਰ



ਧੂਰੀ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਧੂਰੀ ਹਲਕੇ ਦੇ ਵਿਕਾਸ ਲਈ ਚਿੰਤਤ ਹਨ ਉਹ ਧੂਰੀ ਨੂੰ ਪੰਜਾਬ ਵਿੱਚ ਨਮੂਨੇ ਦਾ ਸ਼ਹਿਰ ਬਣਾਉਣ ਦੇ ਲਈ ਬਚਨਬੱਧ ਹਨ। ਸ਼ਹਿਰ ਅਤੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੇ ਕੰਮਾਂ ਦੀ ਲੋਕ ਆਪਣੇ ਮੂੰਹੋਂ ਮਾਨ ਸਰਕਾਰ ਦੀ ਸਲਾਘਾ ਕਰ ਰਹੇ ਹਨ। ਪੰਜਾਬ ਦੇ ਲੋਕ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਤੇ ਕੀਤੇ ਜਾ ਰਹੇ ਲੋਕ ਭਲਾਈ ਕੰਮਾਂ ਤੋਂ ਪੂਰੀ ਤਰਾਂ ਸੰਤੁਸ਼ਟ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਮਾਤਾ ਹਰਪਾਲ ਕੌਰ ਨੇ ਕੀਤਾ। ਉਹਨਾਂ ਕਿਹਾ ਕਿ ਜਿੰਨਾ ਵੀ ਵੀਰਾਂ ਭੈਣਾਂ ਭਰਾਵਾਂ ਦੇ ਰਾਸ਼ਨ ਕਾਰਡ ਪਿਛਲੇ ਸਮੇਂ ਵਿੱਚ ਕੱਟੇ ਗਏ ਸਨ ਸਰਕਾਰ ਵੱਲੋਂ ਉਹਨਾਂ ਨੂੰ ਦੁਬਾਰਾ ਤੋਂ ਚਾਲੂ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਭਲਾਈ ਲਈ ਕੋਈ ਕੰਮ ਨਹੀਂ ਕੀਤਾ, ਸਿਰਫ ਸਤਾ ਦਾ ਆਨੰਦ ਮਾਣਿਆ ਹੈ ਇਹ ਲੋਕਾਂ ਨੂੰ ਲੁੱਟਣ ਅਤੇ ਕੁੱਟਣ ਦਾ ਕੰਮ ਕੀਤਾ ਹੈ। ਉਹਨਾਂ ਵੱਲੋਂ ਕੀਤੀਆਂ ਗਈਆਂ ਗਲਤੀਆਂ ਦੀ ਮੁਆਫੀ ਪੰਜਾਬ ਦੇ ਲੋਕ ਕਦੇ ਵੀ ਮਾਫ ਨਹੀਂ ਕਰਨਗੇ। ਇਸ ਮੌਕੇ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕਿਟ ਕਮੇਟੀ ਧੂਰੀ, ਆਪ ਆਗੂ ਬਿੱਲਾ ਸਾਹੀਵਾਲ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਸਿਕੰਦਰ ਘਨੌਰ ਹਾਜਰ ਸਨ।

# ਘੁਮਾਣ ਭਰਾਵਾਂ ਵੱਲੋਂ ਮਨਮੋਹਨ ਵਾਰਿਸ ਸਨਮਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬੀ ਵਿਰਸਾ ਦੇ ਨਾਮ ਨਾਲ ਮਸਹੂਰ ਨੌਜਵਾਨਾਂ ਦੇ ਹਰਮਨ ਪਿਆਰੇ ਪੰਜਾਬ ਦੇ ਪ੍ਰਸਿੱਧ ਗਾਇਕ ਬਾਈ ਮਨਮੋਹਣ ਵਾਰਸ ਪਿਛਲੇ ਦਿਨਾਂ ਵਿੱਚ ਪੰਜਾਬ ਆਏ ਹੋਏ ਹਨ। ਅੱਜ ਉਹ ਹਲਕਾ ਧੂਰੀ ਦੇ ਪਿੰਡ ਰੰਗੀਆਂ ਵਿਖੇ ਦੀਪ ਘੁਮਾਣ ਆਸਟਰੇਲੀਆ ਅਤੇ ਰਾਜੂ ਸਰਪੰਚ ਰੰਗੀਆਂ ਦੇ ਗ੍ਰਹਿ ਵਿਖੇ ਪਰਿਵਾਰ ਨੂੰ ਮਿਲਣ ਦੇ ਲਈ ਵਿਸ਼ੇਸ਼ ਤੌਰ ਤੇ ਪਹੁੰਚੇ । ਉਨ੍ਹਾਂ ਦਾ ਆਪਣੇ ਗ੍ਰਹਿ ਵਿਖੇ ਪਹੁੰਚਣ ਤੇ ਘੁਮਾਣ ਪਰਿਵਾਰ ਵੱਲੋਂ ਮਾਨ ਸਨਮਾਨ ਕਰਕੇ ਨਿੱਘਾ ਸਵਾਗਤ ਕੀਤਾ ਗਿਆ ।ਇਸ ਮੌਕੇ ਪੰਜਾਬੀ ਗਾਇਕ ਮਨਮੋਹਨ ਵਾਰਿਸ ਨੇ ਪੰਜਾਬ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸਿਆਂ ਵਰਗੀ ਭਿਆਨਕ ਬਿਮਾਰੀ ਤੋਂ ਪਿਛੇ ਹਟ ਕੇ ਆਪਣਾ ਚੰਗਾ ਜੀਵਨ ਬਤੀਤ ਕਰਨ ਤਾਂ ਜੋ ਆਉਣ ਵਾਲੀਆਂ ਨਸਲਾਂ ਅਤੇ ਫਸਲਾਂ ਨੂੰ ਬਚਾਇਆ ਜਾ ਸਕੇ ।

# ਸੰਸਦ ਮੈਂਬਰ ਵਿਕਰਮ ਸਾਹਨੀ ਨੇ ਆਪਣੇ ਸਨਮਾਨ ਸਮਾਰੋਹ ਮੌਕੇ ਪੇਸ਼ ਕੀਤੀ ਮਨਮੋਹਕ ਸੰਗੀਤਮਈ ਸੂਫੀ ਸ਼ਾਮ



ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-ਪੰਜਾਬ ਦੇ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੇ ਚੰਡੀਗੜ੍ਹ ਵਿਖੇ ਪੰਜਾਬ ਦੀ ਸਨਅਤ ਵੱਲੋਂ ਆਪਣੇ ਸਨਮਾਨ ਸਮਾਰੋਹ ਮੌਕੇ ਇੱਕ ਰੂਹਾਨੀ ਸੰਗੀਤਕ ਸੂਫੀ ਸ਼ਾਮ ਪੇਸ਼ ਕੀਤੀ।ਸ੍ਰੀ ਸਾਹਨੀ ਨੇ ਦੋ ਘੰਟੇ ਤੋਂ ਵੱਧ ਚੱਲੇ ਸੁਰੀਲੇ ਸੈਸ਼ਨ ਵਿੱਚ ਵਾਰਿਸ਼ ਸ਼ਾਹ, ਬੁੱਲ੍ਹੇ ਸ਼ਾਹ, ਸ਼ਾਹ ਹੁਸੈਨ, ਸ਼ਿਵ ਕੁਮਾਰ ਬਟਾਲਵੀ ਅਤੇ ਹੋਰ ਸੂਫ਼ੀ ਕਵੀਆਂ ਦੀਆਂ ਰਚਨਾਵਾਂ ਪੇਸ਼ ਕੀਤੀਆਂ, ਜਿਸ ਵਿੱਚ ਉਨ੍ਹਾਂ ਦੀ ਮਨਮੋਹਕ ਅਤੇ ਭਾਵਪੂਰਤ ਪੇਸ਼ਕਾਰੀ ਨਾਲ ਸਰੋਤੇ ਮੰਤਰਮੁਗਧ ਹੋ ਗਏ।ਵਿਕਰਮ ਸਾਹਨੀ ਨੇ ਆਪਣੇ ਰੂਹਾਨੀ ਸੂਫੀ ਸੰਗੀਤ ਨਾਲ ਵੱਖ-ਵੱਖ ਸਰੋਤਿਆਂ ਦਾ ਮਨ ਮੋਹ ਲਿਆ, ਜਿਸ ਨੂੰ ਸਾਰਿਆਂ ਨੇ ਪਿਆਰ ਕੀਤਾ ਅਤੇ ਪ੍ਰਸ਼ੰਸਾ ਕੀਤੀ। ਇਸ ਸੰਗੀਤਮਈ ਸੂਫੀ ਸ਼ਾਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ: ਬਲਬੀਰ ਸਿੰਘ, ਅਮਨ ਅਰੋੜਾ, ਹਰਜੋਤ ਸਿੰਘ ਬੈਂਸ, ਗੁਰਮੀਤ ਸਿੰਘ ਮੀਤ ਹੇਅਰ, ਬ੍ਰਹਮ ਸ਼ੰਕਰ ਜਿੰਪਾ ਅਤੇ ਲਾਲ ਚੰਦ ਕਟਾਰੂਚੱਕ ਨੇ ਵਿਸ਼ੇਸ਼ ਹਾਜ਼ਰੀ ਭਰੀ। ਇਸ ਦੇ ਨਾਲ ਹੀ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਜਿਵੇਂ ਕਿ ਮੁੱਖ ਸਕੱਤਰ ਅਨੁਰਾਗ ਵਰਮਾ, ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਵੀ.ਕੇ.ਸਿੰਘ, ਉਦਯੋਗ ਸਕੱਤਰ ਤੇਜਵੀਰ ਸਿੰਘ, ਹੁਨਰ ਵਿਕਾਸ ਸਕੱਤਰ ਜਸਪ੍ਰੀਤ ਤਲਵਾਰ, ਪ੍ਰਮੁੱਖ ਸਕੱਤਰ ਵਿੱਤ ਅਜੋਏ ਕੁਮਾਰ ਸਿਨਹਾ, ਏ.ਡੀ.ਜੀ.ਪੀ ਸੁਰੱਖਿਆ ਸੁਧਾਂਸ਼ੂ ਸ੍ਰੀਵਾਸਤਵ, ਡੀ.ਸੀ. ਮੋਹਾਲੀ ਆਸ਼ਕਿਾ ਜੈਨ ਸਮੇਤ ਕਈ ਹੋਰ ਪਤਵੰਤੇ ਹਾਜ਼ਰ ਸਨ। ਉਦਯੋਗ ਜਗਤ ਦੇ ਦਿੱਗਜਾਂ ਜਿਵੇਂ ਸੋਨਾਲੀਕਾ ਦੇ ਚੇਅਰਮੈਨ ਏ.ਐਸ. ਮਿੱਤਲ, ਟ੍ਰਾਈਡੈਂਟ ਦੇ ਚੇਅਰਮੈਨ ਰਜਿੰਦਰ ਗੁਪਤਾ, ਰੁਪਿੰਦਰ ਸਚਦੇਵਾ, ਪੀ.ਜੇ. ਸਿੰਘ, ਅਜੈ ਜੈਨ, ਜਸਪਾਲ ਸਿੰਘ, ਸੰਜੀਵ ਜੁਨੇਜਾ, ਆਰ ਕਪੂਰ ਰੈਡੀਸਨ ਅਤੇ ਹੋਰ ਉਦਯੋਗਪਤੀਆਂ ਨੇ ਸ਼ਾਮ ਦੀ ਮੇਜ਼ਬਾਨੀ ਕੀਤੀ ।

### ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਪਿੰਡ ਬੁੱਕਣ ਖਾਂ ਵਿਖੇ

# ਵਿਸ਼ਾਲ ਨਗਰ ਕੀਰਤਨ ਸਜਾਇਆ







ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਗੁਰਦੁਆਰਾ ਨਾਨਕ ਪੁਰੀ ਸਾਹਿਬ ਗੁਰਮਤਿ ਵਿਦਿਆਲਾ ਪਿੰਡ ਬੁੱਕਣ ਖਾਂ ਵਿਖੇ ਦਮਦਮੀ ਟਕਸਾਲ ਦੇ ਪਹਿਲੇ ਜਥੇਦਾਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਗੁਰੂ ਮਹਾਰਾਜ ਜੀ ਅੱਗੇ ਅਰਦਾਸ ਬੇਨਤੀ ਕੀਤੀ ਗਈ, ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ, ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਤੋਂ ਪ੍ਰਾਰੰਭ ਹੋਇਆ। ਇਹ ਨਗਰ ਕੀਰਤਨ ਸ੍ਰੀਮਾਨ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਪਿੰਡ ਬੁੱਕਣ ਖਾਂ ਦੀ ਦੇਖ—ਰੇਖ ਚਲਿਆ। ਇਸ ਤੋਂ ਇਲਾਵਾ ਭਾਈ ਗੁਰਦੀਪ ਸਿੰਘ ਬੁੱਕਣ ਖਾਂ ਜ਼ੋ ਕਿ ਨਗਰ ਕੀਰਤਨ ਵਿਚ ਟਰੈਕਟਰ ਟਰਾਲੀਆਂ, ਜੀਪਾਂ, ਕਾਰਾਂ ਨੂੰ ਆਪਣੀ ਆਪਣੀ ਲਾਈਨ ਵਿਚ ਲਾਉਣ ਬਾਰੇ ਅਤੇ ਸੰਗਤਾਂ ਨੂੰ ਸਤਿਨਾਮ ਵਾਹਿਗੁਰੂ ਦਾ ਜਾਪ ਕਰਨ ਬਾਰੇ ਅਪੀਲ ਕਰ ਰਹੇ ਸੀ। ਇਸ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਤੋਂ ਆਰੰਭ ਹੋ ਕੇ ਪਿੰਡ ਬੁੱਕਣ ਖਾਂ ਵਾਲਾ ਤੋਂ ਝੋਕ ਹਰੀਹਰ, ਗੁਰਦੁਆਰਾ ਕਰਮਸਰ ਸਾਹਿਬ, ਜੀਆ ਬੱਗਾ, ਫੱਤੂਵਾਲਾ, ਬਸਤੀ ਨੇਕਾਂ ਵਾਲੀ, ਬਸਤੀ ਕੀਮੇ ਵਾਲੀ, ਹਾਜੀਵਾਲਾ, ਮੀਰਾ ਸ਼ਾਹ ਨੂਰ, ਠਾਠ ਨਾਨਕਸਰ ਗੋਬਿੰਦ ਨਗਰ, ਬਾਲੇਵਾਲਾ, ਗਾਮੇਵਾਲਾ, ਭਾਵੜਾ ਆਜ਼ਮ ਸ਼ਾਹ, ਮਹਿਮਾ, ਰੋੜਾਂ ਵਾਲੀ, ਚੂਹੜ ਖਿਲਚੀਆਂ, ਬਸਤੀ ਨੱਥੇ ਸ਼ਾਹ, ਸੈਦੇ ਕੇ ਰੁਹੇਲਾ, ਧੀਰਾ ਪੱਤਰਾ, ਬੁੱਕਣ ਖਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਵਿਖੇ ਸਮਾਪਤੀ ਦੀ ਵਾਹਿਗੁਰੂ ਜੀ ਅੱਗੇ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਤੇ ਪਿੰਡ ਫੱਤੂਵਾਲਾ ਅਤੇ ਪਿੰਡ ਧੀਰਾ ਪੱਤਰਾ ਦੀ ਸੰਗਤ ਵੱਲੋਂ ਲੰਗਰ ਦੀ ਚਾਹ ਦੀ ਸੇਵਾ ਬਹੁਤ ਹੀ ਵਧੀਆ ਢੰਗ ਨਾਲ ਨਿਭਾਈ। ਇਸ ਨਗਰ ਕੀਰਤਨ ਵਿਚ ਸ਼ਹੀਦ ਬਾਬਾ ਬੋਤਾ ਸਿੰਘ, ਬਾਬਾ ਗਰਜਾ ਸਿੰਘ ਵੱਲੋਂ ਗਤਕਾ ਅਖਾੜੇ ਵੱਲੋਂ ਗੱਤਕੇ ਦੇ ਜ਼ੌਹਰ ਵਿਖਾਏ, ਜਿਸ ਨੂੰ ਵੇਖ ਕੇ ਸੰਗਤਾਂ ਵਾਹ—ਵਾਹ ਕਰ ਉੱਠੀਆਂ ਅਤੇ ਪੁਰਾਣੀ ਸਿੰਘਾਂ ਦੀ ਯਾਦ ਤਾਜ਼ਾ ਕਰਵਾ ਦਿੱਤੀ। ਇਸ ਮੌਕੇ ਤੇ ਹਰ ਪਿੰਡ ਦੀਆਂ ਸੰਗਤਾਂ ਵੱਲੋਂ ਚਾਹ ਦਾ ਲੰਗਰ, ਫਰੂਟ ਦਾ ਲੰਗਰ, ਖੀਰ ਦਾ ਲੰਗਰ, ਪਕੌੜਿਆਂ ਦਾ ਲੰਗਰ ਤੋਂ ਇਲਾਵਾ ਅਨੇਕਾਂ ਪ੍ਰਕਾਰ ਦੇ ਲੰਗਰ ਅਤੁੱਟ ਵਰਤਾਏ ਗਏ। ਭਾਵੇਂ ਜਿਆਦਾ ਠੰਡ ਹੋਣ ਦੇ ਬਾਵਜੂਦ ਵੀ ਭਾਰੀ ਗਿਣਤੀ ਵਿਚ ਸੰਗਤਾਂ ਨਗਰ ਕੀਰਤਨ ਵਿਚ ਸ਼ਾਮਿਲ ਹੋਈਆਂ। ਇਸ ਮੌਕੇ ਤੇ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲੇ ਪਿੰਡ ਬੁੱਕਣ ਖਾਂ ਦੇ ਮੁੱਖ ਸੇਵਾਦਾਰ ਸ੍ਰੀਮਾਨ ਗਿਆਨੀ ਸੁਖਦੇਵ ਸਿੰਘ ਖਾਲਸਾ ਜੀ ਨੇ ਸਮੂਹ ਨਗਰ ਕੀਰਤਨ ਵਿਚ ਆਪੋ ਆਪਣੇ ਵਹੀਕਲ ਲੈ ਕੇ ਆਈਆਂ ਸੰਗਤਾਂ ਦਾ ਸਮੂਹ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ। ਖਾਸ ਕਰਕੇ ਭਾਈ ਗੁਰਦੀਪ ਸਿੰਘ ਬੁੱਕਣ ਖਾਂ ਜਿਨ੍ਹਾਂ ਨੇ ਬਹੁਤ ਹੀ ਵਧੀਆ ਨਗਰ ਕੀਰਤਨ ਵਿਚ ਸੇਵਾ ਨਿਭਾਈ ਦਾ ਧੰਨਵਾਦ ਕਰਦਿਆਂ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ।

### ਕੋਈ ਨਹੀਂ ਜੱਗ ਵਿਚ ਤੇਰਾ ਵੈਰੀ ਬੰਦਿਆਂ

# ਮੇਰੇ ਐਬੇ ਨੇ ਤੇਰੇ ਵੈਰੀ ਬੰਦਿਆ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਅੱਜ ਅਸੀਂ ਸੈਂਕੜੇ ਨਹੀਂ ਹਜ਼ਾਰਾਂ ਸਾਲਾਂ ਦੀ ਗੁਲਾਮੀ ਜਿਸ ਨੇ ਇਸ ਸਾਤਨ ਧਰਮ ਜਿਸਦਾ ਹਜ਼ਾਰਾਂ ਸਾਲਾ ਇਤਿਹਾਸ ਇਸ ਗੱਲ ਦਾ ਗਵਾਹ ਹਿੰਦੂ ਜਮ ਇਸ ਦਾ ਰੂਟ ਬਾਕੀ ਧਰਮ ਇਸੀ ਦਾ ਫਰੂਟ ਜ਼ੋ ਅੱਜ ਸਿਮਿਟ ਕੇ ਇਕ ਅਜਿਹੀ ਸਥਿਤੀ ਵਿਚ ਆਗਿਆ ਹੈ, ਜੇ ਅਸੀਂ ਹੁਣ ਵੀ ਨਾ ਸੰਭਲੇ ਉਹ ਧਰਮ ਜਿਨ੍ਹਾਂ ਦਾ ਸ਼ੁਰੂ ਤੋਂ ਲੈ ਕੇ ਹੁਣ ਤੱਕ ਮਾਨਵਤਾ ਦੀ ਸੇਵਾ ਤਾਂ ਦੂਰ ਦੀ ਗੱਲ ਮਨੁੱਖਤਾ ਨੂੰ ਜ਼ੋ ਵੀ ਜਿੰਦਾ ਰਹਿਣ ਲਈ ਇਜਤ ਮਾਨ ਸਨਮਾਨ ਨਾਲ ਨਿਡਰ ਹੋ ਕੇ ਰਹਿਣ ਲਈ ਅਤਿ ਜ਼ਰੂਰੀ ਹਨ, ਉਹ ਵੀ ਉਪਲਬਧ ਕਰਾ ਸਕੇ, ਇਕੋ ਇਕ ਉਨ੍ਹਾਂ ਦਾ ਮੁੱਖ ਮਕਸਦ ਸਾਰੀ ਦੁਨਿਆਂ ਵਿਚ ਧਰਮ ਦਾ ਫੈਲਾਵ ਪ੍ਰਗਟਾ ਕਰਨਾ, ਸਾਡਾ ਭਾਰਤ ਦਾ ਇਤਿਹਾਸ ਗਵਾਹ ਹੈ ਕਿ ਜਦ ਕਦੇ ਵੀ ਕੋਈ ਕਮ ਕਨਬਾ, ਜਾਤ ਚਾਹੇ ਉਹ ਬਾਬਰ ਸੀ ਜਾਂ ਫਿਰੇ ਫਰੰਗੀ ਅਸੀਂ ਉਨ੍ਹਾਂ ਨੂੰ ਗਲੇ ਲਗਾਇਆ, ਭਾਵੇਂ ਉਹ ਵਪਾਰੀ ਜਾਂ ਲੁਟੇਰੇ, ਚੋਰ ਉਚਕੇ ਬਨਆਏ ਅਸੀਂ ਕਦੇ ਕਿਸੇ ਨੂੰ ਧਰਮ ਦੇ ਜਾਤ—ਪਾਤ ਊਚ ਨੀਚ, ਵਿਦੇਸ਼ੀ ਆਦਿ ਨਹੀਂ ਬਲਕਿ ਭਾਰਤੀ ਹੋਣ ਦਾ ਮਾਨ ਦਿੱਤਾ, ਪਰ ਉਨ੍ਹਾਂ ਹਿੰਦੂਸਤਾਨ ਨੂੰ ਲੁਟਿਆ ਪੁਟਿਆ ਕੁਟਿਆ ਤੇ ਸਭ ਤੋਂ ਜਿਆਦਾ ਸਾਡੀ ਫੁਟ ਜਰ, ਜ਼ੋਰੂ ਆਦਿ ਦਾ ਫਾਇਦਾ ਉਠਾ ਸਾਡੇ ਹਿੰਦੂਸਤਾਨ ਤੇ ਹਿੰਦੂਆਂ ਨੂੰ ਇਸਾਈ, ਮੁਸਲਮਾਨ ਬਣਾ ਅੱਜ ਅੱਧੀ ਦੁਨਿਆਂ ਇਸਾਈ ਤੇ ਅੱਧੀ ਮੁਸਲਮਾਨ ਬਣਾ ਰਹਿੰਦੇ ਖਹਿੰਦੇ ਹਿੰਦੂ ਹਿੰਦੂਸਤਾਨ ਨੂੰ ਵੀ ਧਰਮ ਪਰਵਰਤਨ ਕਰਨ ਲਈ ਅੱਜ ਉਹੀ ਹੱਥ ਕੰਢੇ ਵਰਤ ਸ਼ਰੇਆਮ ਸਾਡੇ ਧਰਮ ਨੂੰ ਤੇ ਹਿੰਦੂਸਤਾਨ ਨੂੰ ਖਤਮ ਕਰਨ ਦੇ ਦਿਨੋ—ਦਿਨ ਹਰ ਉਸ ਮੁਲਕ ਵਿਚ ਜਿਥੇ ਸਾਡੇ ਭਾਰਤੀ ਰੋਟੀ ਰੋਜੀ ਜ਼ੋ ਸਾਡੀ ਸਰਕਾਰਾਂ 75 ਸਾਲਾ ਤੋਂ ਆਜਾਦੀ ਬਅਦ ਵੀ ਨਹੀਂ ਦੇ ਸਕੀਏ ਪੈਰਾਂ ਤੇ ਖੜ੍ਹੇ ਕਰਨ ਰੋਟੀ ਕਪੜਾ ਮਕਾਨ ਮਿਹਨਤ ਨਾਲ ਪ੍ਰਾਪਤ ਕਰਨ ਦੀ ਬਜਾਏ ਮੰਗਤੇ ਬਨਾ ਕੇ ਮੁਫਤ—ਮੁਫਤ ਦੇ ਇਸ ਸਾਡੀ ਨਲਾਇਕੀ ਅਨੁਸਾਸ਼ਨਹੀਨਤਾ ਜ਼ਰ ਜ਼ੋਰੂ, ਚੌਧਰੀ ਦੀ ਖਾਤਰ ਸਾਰੀਆਂ ਹੀ ਸਰਕਾਰਾਂ ਚਾਹੇ ਉਹ ਕਿਸੇ ਪਾਰਟੀ ਦੀ ਆਵੇ, ਉਨ੍ਹਾਂ ਇਸ ਹਿੰਦੂ, ਹਿੰਦੂਸਤਾਨ, ਸਨਾਤਨ ਧਰਮ ਜ਼ੋ ਅਸਲੀ ਮਾਨਵਤਾ ਦੀ ਸੇਵਾ ਵਿਚ ਕਿਰਤ ਕਰੋ ਵੰਡ ਛਕੋ ਨਾਮ ਜਪੋ ਤੇ ਚੰਗੇ ਇਨਸਾਨ ਬਣੋ ਦੀ ਧਾਰਨੀ ਹਨ ਉਸ ਨੂੰ ਬਚਾਉਣਾ ਤਾਂ ਕੀ ਵੋਟਾਂ ਦੀ ਰਾਜਨੀਤੀ ਉਸ ਧਰਮ ਵਾਲੇ ਇਸ ਧਰਮ ਵਾਲੇ ਨਰਾਜ ਨਾ ਹੋ ਜਾਣ ਸਾਡੀ ਗੱਦੀ ਕੁਰਸੀ ਨਾ ਚਲੀ ਜਾਵੇ, ਹਿੰਦੂ ਤੇ ਹਿੰਦੂਸਤਾਨ ਦੇ ਉਹ ਦੁਸ਼ਮਨ ਜ਼ੋ ਬਾਹਰੀ ਨਹੀਂ ਸਾਡੇ ਸਮਾਜ, ਦੇਸ਼ ਦੇ ਹੀ ਬਸ਼ਿੰਦੇ ਹਨ ਤੇ ਸਭ ਤੋਂ ਵੱਡਾ ਦੁੱਖ ਟੀਚਰ ਪਰੀਚਰ, ਲੀਡਰ ਜ਼ੋ ਸਵਾ ਰੱਬ ਤੋਂ ਕਦੇ ਕਿਸੇ ਤੋਂ ਨਹੀਂ ਡਰੇ, ਅੱਜ ਜ਼ੋ ਸਾਡਾ ਖਰਚ ਉਨ੍ਹਾਂ ਬਾਕੀ ਸ਼ਕਤੀਆਂ ਨਾਲ ਟਾਕਰਾ ਕਰਨ ਤੇ ਨਹੀਂ ਬਲਕਿ ਸਾਡੇ ਜ਼ੋ ਸਾਡੇ ਕਦਰਨੁਮਾ ਹਨ, ਉਨ੍ਹਾਂ ਤੇ ਹੋਰ ਗਿ ਹੈ, ਖੁਦਾ ਕਰੇ ਇਹ ਆਪਣੇ ਆਪ ਛੱਡ ਮੌਤ ਜ਼ੋ ਆਉਣਾ ਹੀ ਹੈ।

# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਮਨਾਇਆ ਗਣਤੰਤਰ ਦਿਵਸ




ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਗਣਤੰਤਰ ਦਿਵਸ ਦਾ ਸ਼ੁਭ ਦਿਹਾੜਾ ਬਾਗੀ ਪਾਰਕ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾਇਆ। ਇਸ ਮੌਕੇ ਦੇਸ਼ ਦੇ 75ਵੇਂ ਗਣਤੰਤਰ ਦਿਵਸ ਦੇ ਸਬੰਧ ਵਿਚ ਕਰਵਾਏ ਸਮਾਗਮ ਨੂੰ ਧੂਮ—ਧਾਮ ਨਾਲ ਮਨਾਉਂਦਿਆਂ ਦੇਸ਼ ਦੀ ਤਰੱਕੀ, ਉਨਤੀ ਲਈ ਹਰ ਮਨੁੱਖ ਨੂੰ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਬੋਲਦਿਆਂ ਡਾਕਟਰ ਦੀਵਾਨ ਚੰਦ ਸੁਖੀਜਾ ਚੇਅਰਮੈਨ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸੁਸਾਇਟੀ ਦੇ ਸੀਨੀਅਰ ਵਾਈਸ ਪ੍ਰਧਾਨ ਰਮੇਸ਼ ਬਜਾਜ ਨੇ ਦੱਸਿਆ ਕਿ ਅੱਜ ਦੇ ਦਿਨ ਡਾਕਟਰ ਭੀਮ ਰਾਓ ਅੰਬੇਦਕਰ ਦੁਆਰਾ ਭਾਰਤ ਦੇਸ਼ ਦਾ ਸਵਿਧਾਨ ਲਿਖਿਆ ਗਿਆ ਸੀ। ਇਸ ਮੌਕੇ ਜਤਿੰਦਰ, ਰਾਮ ਕਿਸ਼ੋਰ ਵਧਵਾ, ਡਾ: ਸੋਨੀਆ ਆਨੰਦ, ਸ਼ਰਨਜੀਤ ਸਿੰ ਘਬੇਦੀ, ਕੇ.ਸੀ ਗਲਹੋਤਰਾ, ਮੈਡਮ ਪੂਸ਼ਪਾ, ਕਿਸ਼ਨ ਚੰਦ ਜਾਗੋਵਾਲੀਆ, ਵਿਜੈ ਅਰੋੜਾ, ਪਰਵੀਨ ਧਵਨ ਜਨਰਲ ਸਕੱਤਰ, ਦੇਸ ਰਾਜ ਸ਼ਰਮਾ, ਮੁਖਤਿਆਰ ਸਿੰਘ, ਰਾਣਾ ਆਦਿ ਹਾਜ਼ਰ ਸਨ।

# ਖਾਲਸਾ ਸਕੂਲ ਵਿੱਚ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ



ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿੱਚ ਅਮਰ ਸ਼ਹੀਦ ਧੰਨ ਧੰਨ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋ ਕਵਿਤਾ ਅਤੇ ਕਵੀਸ਼ਰੀ ਗਾਇਨ ਕੀਤੀ ਗਈ ਅਤੇ ਭਾਈ ਇੰਦਰਜੀਤ ਸਿੰਘ ਵੱਲੋਂ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦੇ ਜੀਵਨ ਦੇ ਇਤਿਹਾਸ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਸ ਸਮੇਂ ਭਾਈ ਸਾਹਿਬ ਸਿੰਘ ਦਮਦਮੀ ਟਕਸਾਲ ਮਹਿਤਾ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ, ਮੈਡਮ ਅਨੂਰਾਧਾ, ਮਾਸਟਰ ਬਲਰਾਜ ਸਿੰਘ, ਗਿਆਨੀ ਇੰਦਰਜੀਤ ਸਿੰਘ ਅਤੇ ਸਕੂਲ ਦਾ ਸਾਰਾ ਸਟਾਫ ਅਤੇ ਵਿਦਿਆਰਥੀਆਂ ਹਾਜ਼ਿਰ ਸਨ।

# ਭਾਈ ਅਮਨਪ੍ਰੀਤ ਸਿੰਘ ਵਿਠਵਾ 30 ਨੂੰ ਪਹੁੰਚਣਗੇ ਪੰਜਾਬ



**ਚੌਕ ਮਹਿਤਾ,27ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਨਿਰਵੈਰ ਖਾਲਸਾ ਜਥੇਬੰਦੀ ਗੁਰੂ ਨਾਨਕ ਸਾਹਿਬ ਸੇਵਾ ਸੁਸਾਇਟੀ ਦੇ ਮੁਖੀ ਬਾਬਾ ਜੀ ਗੁਰਪਾਲ ਸਿੰਘ ਖਾਲਸਾ ਢੀਂਡਸਾ ਵਾਲੇ,ਪਿਛਲੇ 23 ਸਾਲ ਤੋਂ ਗੁਰਮਤਿ ਦਾ ਪ੍ਰਚਾਰ ਅਤੇ ਸਮਾਜਿਕ ਸੇਵਾਵਾਂ ਨਾਲ ਜਾਣੇ ਜਾ ਰਹੇ ਹਨ,, ਬਾਬਾ ਜੀ ਵਲੋਂ ਪ੍ਰੈਸ ਨੂੰ ਜਾਣਕਾਰੀ ਦੇਂਦੇ ਦੱਸਿਆ ਗਿਆ ਕਿ, ਭਾਈ ਸਾਹਿਬ ਅਮਨਪ੍ਰੀਤ ਸਿੰਘ ਜੀ,ਵਿਠਵਾ ਵਾਲੇ,ਕਾਫੀ ਸਮੇਂ ਤੋਂ ਨਾਲ ਸੇਵਾਵਾਂ ਨਿਭਾ ਰਹੇਂ ਨੇ। ਧੀਆਂ ਦੇ ਅਨੰਦ ਕਾਰਜ, ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਸੇਵਾ,, ਬੱਚਿਆਂ ਨੂੰ ਸਕੂਲ ਫੀਸਾ,,ਇਹ ਸੇਵਾਵਾਂ ਚ , ਜਥੇਬੰਦੀ ਦੇ ਨਾਲ ਵੱਡਾ ਸਹਿਯੋਗ ਰਿਹਾ ਹੈ, ਭਾਈ ਅਮਨਪ੍ਰੀਤ ਸਿੰਘ ਜੀ ਇੱਟਲੀ ਵਿਖੇ ਹੈਡ ਗ੍ਰੰਥੀ ਦੀ ਸੇਵਾ ਨਿਭਾ ਰਹੇ ਨੇ। ਵਿਦੇਸ਼ ਚ ਵੀ ਪੰਥ ਦਾ ਹੋਕਾ ਦੇ ਰਹੇ ਨੇ। ਬਾਬਾ ਗੁਰਪਾਲ ਸਿੰਘ ਜੀ ਨੇ ਭਾਈ ਸਾਹਿਬ ਅਮਨਪ੍ਰੀਤ ਸਿੰਘ ਜੀ ਨੂ ਜੀ ਆਇਆਂ ਵੀ ਕਿਹਾ ।ਅਤੇ ਉਹਨਾਂ ਵਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਵੀ ਕੀਤੀ ।ਇਸ ਮੋਕੇ ਸ ਜੋਗਿੰਦਰ ਸਿੰਘ ਫੋਜੀ, ਭਾਈ ਸੁਰਜੀਤ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅੰਮ੍ਰਿਤਪਾਲ ਸਿੰਘ ਹੈਡ ਗ੍ਰੰਥੀ ਵੀ ਹਾਜਰ ਸਨ।

ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਗਣਤੰਤਰ ਦਿਵਸ ਮੌਕੇ 'ਸੁਪਰ 100' ਸਕੀਮ ਦੀ ਸ਼ੁਰੂਆਤ

# ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ—ਮੀਤ ਹੇਅਰ






ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੋ ਵਿਸ਼ਵ ਪੱਧਰ ਤੇ ਸੂਬੇ ਦੀ ਸ਼ਾਨ ਨੂੰ ਮੁੜ ਬਹਾਲ ਕੀਤਾ ਜਾ ਸਕੇ। ਫਿਰੋਜ਼ਪੁਰ ਜ਼ਿਲ੍ਹੇ ਦਾ ਦੇਸ਼ ਦੀਆਂ ਖੇਡਾਂ ਵਿੱਚ ਬਹੁਤ ਵੱਡਾ ਯੋਗਦਾਨ ਹੈ ਅਤੇ ਬੜੇ ਮਾਣ ਵਾਲੀ ਗੱਲ ਹੈ ਕਿ ਫਿਰੋਜ਼ਪੁਰ ਨੇ ਹਾਕੀ ਖੇਡ ਵਿੱਚ ਹਰਮੀਕ ਸਿੰਘ, ਅਜੀਤ ਸਿੰਘ, ਗਗਨ ਅਜੀਤ ਸਿੰਘ, ਨਿਸ਼ਾਨੇਬਾਜ਼ੀ ਖੇਡ ਵਿੱਚ ਗੁਰਬੀਰ ਸੰਧੂ, ਮਾਨਵਜੀਤ ਸੰਧੂ, ਰੰਜਨ ਸੋਢੀ ਅਤੇ ਰੋਇੰਗ ਵਿੱਚ ਮਨਜੀਤ ਸਿੰਘ ਜਿਹੇ ਵੱਡੇ ਖਿਡਾਰੀ ਦੇਸ਼ ਨੂੰ ਦਿੱਤੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗਣਤੰਤਰ ਦਿਵਸ ਮੌਕੇ ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਫ਼ਿਰੋਜ਼ਪੁਰ ਵਿਖੇ ਨਿਵੇਕਲੀ ਸਕੀਮ 'ਸੁਪਰ ਹੰਡਰਡ(100)' ਦੀ ਸ਼ੁਰੂਆਤ ਕਰਨ ਮੌਕੇ ਕੀਤਾ। ਇਸ ਸਕੀਮ ਦੀ ਸ਼ੁਰੂਆਤ ਕਰਨ ਮੌਕੇ ਸ੍ਰੀ ਮੀਤ ਹੇਅਰ ਨੇ ਕਿਹਾ ਕਿ ਇਸ ਤਹਿਤ ਸੂਬਾ ਪੱਧਰ 'ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਨ ਵਾਲੇ ਜ਼ਿਲ੍ਹੇ ਵਿੱਚੋਂ ਸੁਪਰ ਹੰਡਰਡ (100) ਖਿਡਾਰੀ ਚੁਣੇ ਗਏ ਹਨ। ਉਨ੍ਹਾਂ ਕਿਹਾ ਕਿ ਵਧੀਆ ਮਿਹਨਤ ਕਰਕੇ ਸੂਬਾ ਪੱਧਰ 'ਤੇ ਨਾਮਨਾ ਖੱਟਣ ਵਾਲੇ ਖਿਡਾਰੀਆਂ ਦੇ ਸੰਪੂਰਨ ਤੇ ਸਰਬਪੱਖੀ ਵਿਕਾਸ ਲਈ ਇਸ ਸਕੀਮ ਨੂੰ ਲਾਂਚ ਕੀਤਾ ਗਿਆ ਹੈ। ਉਨ੍ਹਾਂ ਦੀ ਡਾਇਟ ਦਾ ਸਾਰਾ ਪ੍ਰਬੰਧ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੀ.ਐਸ.ਆਰ. ਗਤੀਵਿਧੀਆਂ ਰਾਹੀਂ ਕੀਤਾ ਜਾਵੇਗਾ। ਖਿਡਾਰੀਆਂ ਦੇ ਸੰਪੂਰਨ ਤੇ ਬਹੁਪੱਖੀ ਵਿਕਾਸ ਲਈ ਉਨ੍ਹਾਂ ਨੂੰ ਸਪੋਰਟਸ ਸਾਇੰਸ ਤੇ ਬਾਇਓਮਕੈਨਿਕਸ ਵਿਧੀਆਂ ਰਾਹੀਂ ਅੰਤਰਰਾਸ਼ਟਰੀ ਪੱਧਰ ਦੀ ਟ੍ਰੇਨਿੰਗ ਮੁਹੱਈਆ ਕਰਵਾਉਣ ਲਈ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ ਪਟਿਆਲਾ ਨਾਲ ਸਮਝੌਤਾ ਕੀਤਾ ਗਿਆ ਹੈ। ਜਿਸ ਰਾਹੀਂ ਖਿਡਾਰੀਆਂ ਨੂੰ ਅਧੁਨਿਕ ਤਕਨੀਕ ਨਾਲ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਖਿਡਾਰੀਆਂ ਨੂੰ ਖੇਡ ਦੌਰਾਨ ਚੋਟ ਲੱਗਣ ਦੀ ਸੂਰਤ ਵਿੱਚ ਉਨ੍ਹਾਂ ਦੇ ਵਧੀਆ ਇਲਾਜ ਲਈ ਪ੍ਰਾਈਵੇਟ ਹਸਪਤਾਲਾਂ ਤੋਂ ਇਲਾਜ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਸੁਪਰ 100 ਸਕੀਮ ਤਹਿਤ ਖਿਡਾਰੀਆਂ ਨੂੰ ਸੰਪੂਰਨ ਖੇਡ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਖੇਡ ਮੰਤਰੀ ਮੀਤ ਹੇਅਰ ਨੇ ਕਿਹਾ ਕਿ ਨਵੀਂ ਖੇਡ ਨੀਤੀ ਤਹਿਤ ਜਿੱਥੇ ਖਿਡਾਰੀਆਂ ਨੂੰ ਨਗਦ ਇਨਾਮ ਦਿੱਤੇ ਜਾ ਰਹੇ ਹਨ ਉੱਥੇ ਖੇਡ ਮੁਕਾਬਲਿਆਂ ਦੀ ਤਿਆਰੀ ਲਈ ਵੀ ਨਗਦ ਰਾਸ਼ੀ ਦਿੱਤੀ ਜਾ ਰਹੀ ਹੈ। ਇਸ ਮੌਕੇ ਜ਼ਿਲ੍ਹੇ ਦੇ ਸੁਪਰ 100 ਖਿਡਾਰੀਆਂ ਨੂੰ ਖੇਡ ਮੰਤਰੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

## ਸੁਪਰ 100 ਤਹਿਤ ਉਭਰਦੇ ਖਿਡਾਰੀਆਂ ਨੂੰ ਅੰਤਰ ਰਾਸ਼ਟਰੀ ਪੱਧਰ ਦੀ ਖੇਡ ਸਿਖਲਾਈ ਦਿੱਤੀ ਜਾਵੇਗੀ—ਧੀਮਾਨ

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਇਸ ਮੌਕੇ ਕਿਹਾ ਕਿ ਸੁਪਰ ਹੰਡਰਡ (100) ਸਕੀਮ ਤਹਿਤ ਖਿਡਾਰੀਆਂ ਦੇ ਖੇਡਾਂ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉੱਚ ਪੱਧਰ ਦੀ ਖੇਡ ਸਿਖਲਾਈ ਦੇਣ ਲਈ ਫੌਜ ਤੇ ਬੀ.ਐਸ.ਐਫ। ਦੇ ਕੋਚਾਂ ਦੀਆਂ ਸੇਵਾਵਾਂ ਲਈਆਂ ਗਈਆਂ ਹਨ ਅਤੇ ਉਨ੍ਹਾਂ ਨੂੰ ਹੋਰ ਹਰ ਉਹ ਸੁਵਿੱਧਾ ਉਪਲਬੱਧ ਕਰਵਾਈ ਜਾਵੇਗੀ ਜਿਸ ਨਾਲ ਰਾਸ਼ਟਰੀ, ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਤਿਆਰ ਕੀਤੇ ਜਾ ਸਕਣ। ਜ਼ਿਲ੍ਹੇ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ ਖਿਡਾਰੀਆਂ ਲਈ ਅੰਤਰਰਾਸ਼ਟਰੀ ਪੱਧਰ ਦਾ ਐਸਟਰੋਟਰਫ ਹਾਕੀ ਦਾ ਮੈਦਾਨ ਬਣ ਚੁੱਕਾ ਹੈ। ਜਿਸ ਦੀ ਸੁਚੱਜੀ ਵਰਤੋਂ ਕਰ ਕੇ ਖਿਡਾਰੀ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਤੇ ਨਾਮਨਾ ਖੱਟਣਗੇ। ਇਸ ਤੋਂ ਇਲਾਵਾ ਛੇਤੀ ਹੀ ਸਿੰਥੈਟਿਕ ਟਰੈਕ ਤਿਆਰ ਹੋਣ ਤੇ ਕੁਝ ਸਮੇਂ ਵਿੱਚ ਫ਼ਿਰੋਜ਼ਪੁਰ ਦੇ ਖਿਡਾਰੀਆਂ ਨੂੰ ਟ੍ਰੇਨਿੰਗ ਲਈ ਉਪਲਬਧ ਕਰਵਾ ਦਿੱਤਾ ਜਾਵੇਗਾ। ਖਿਡਾਰੀਆਂ ਦੀ ਟ੍ਰੇਨਿੰਗ ਸਬੰਧੀ ਮੁਸ਼ਿਕਲ ਨੂੰ ਦੇਖਦੇ ਹੋਏ ਵੱਖ ?ਵੱਖ ਖੇਡਾਂ ਦੇ ਕੋਚ ਵੀ ਤੈਨਾਤ ਕੀਤੇ ਗਏ ਹਨ ਤਾਂ ਜੋ ਖਿਡਾਰੀਆਂ ਨੂੰ ਕਿਸੇ ਵੀ ਮੁਸ਼ਿਕਲ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੌਕੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਯਾ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ, ਐਸ.ਐਸ.ਪੀ. ਸੋਮਿਆ ਮਿਸ਼ਰਾ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਚੰਦ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਮਲਕੀਤ ਸਿੰਘ ਥਿੰਦ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ

# ਜਨਮ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ—ਭਾਈ ਅਵਤਾਰ ਸਿੰਘ ਜੀ ਫੌਜੀ





ਫ਼ਿਰੋਜ਼ਪੁਰ, 27 ਜਨਵਰੀ (ਮਨੋਹਰ ਲਾਲ) :— ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ, ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਧੰਨ ਧੰਨ ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ 25 ਤਰੀਕ ਦਿਨ ਵੀਰਵਾਰ ਨੂੰ ਭਗਵਾਨ ਸਿੰਘ ਨਾਰੰਗ, ਬੀਬੀ ਸ਼ੀਲਾ ਰਾਣੀ ਦੇ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ, ਜਿਨ੍ਹਾਂ ਦੇ ਭੋਗ 27 ਜਨਵਰੀ ਦਿਨ ਸ਼ਨੀਵਾਰ ਨੂੰ ਪਾਏ ਗਏ। ਇਸ ਉਪਰੰਤ ਭਾਈ ਅਵਤਾਰ ਸਿੰਘ ਫੌਜੀ, ਬੀਬੀ ਕੁਲਤਾਰ ਕੌਰ ਅਤੇ ਅਰਸ਼ਦੀਪ ਕੌਰ ਵੱਲੋਂ ਸ਼ਬਦ ਕੀਰਤਨ ਗਾਇਨ ਕੀਤੇ ਗਏ। ਭਾਈ ਅਵਤਾਰ ਸਿੰਘ ਜੀ ਫੌਜੀ ਵੱਲੋਂ ਬਾਬਾ ਜੀ ਦੇ ਜੀਵਨ ਬਾਰੇ ਕਥਾ ਵਿਚਾਰ ਕੀਤੀ ਗਈ, ਸਾਰੀ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ। ਅਖੀਰ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਭਾਈ ਤਰਲੋਕ ਸਿੰਘ ਨਾਰੰਗ, ਗੁਰਸ਼ਰਨ ਸਿੰਘ ਨਾਰੰਗ ਅਤੇ ਜਸਪਾਲ ਸਿੰਘ ਨਾਰੰਗ ਪਰਿਵਾਰਾਂ ਨੂੰ ਸਿਰੋਪਾਉ ਸਾਹਿਬ ਦਿੱਤੇ ਗਏ। ਇਸ ਮੌਕੇ ਸਾਰੇ ਹੀ ਨਾਰੰਗ ਪਰਿਵਾਰ ਅਤੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਨੇ ਗੁਰੂ ਸਾਹਿਬ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਹਰਜੀਤ ਸਿੰਘ, ਪੁਸ਼ਵਿੰਦਰ ਸਿੰਘ ਪਾਪੜਾਂ ਵਾਲੇ, ਸਰਬਜੀਤ ਸਿੰਘ ਪਾਪੜਾਂ ਵਾਲੇ, ਸ਼ੇਰ ਜਗਜੀਤ ਸਿੰਘ, ਅਜੇ ਮੌਂਗਾਫ਼, ਐਨ ਵਧਵਾ, ਗੁਲਸ਼ਨ ਉੱਪਲ, ਤਰਲੋਕ ਸਿੰਘ ਨਰੰਗ, ਜਸਪਾਲ ਸਿੰਘ ਨਰੰਗ, ਜਗਜੀਤ ਨਾਰੰਗ, ਗ੍ਰੰਥੀ ਭਾਈ ਅਵਤਾਰ ਸਿੰਘ, ਫੌਜੀ ਸਿਮਰਨਜੀਤ ਸਿੰਘ, ਰਸ਼ਪਾਲ ਸਿੰਘ, ਰਜਿੰਦਰ ਸਿੰਘ, ਰਵਿੰਦਰ ਸਿੰਘ ਅਤੇ ਹੋਰ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਤਹਿਸੀਲ ਪੱਧਰੀ 75ਵਾਂ ਗਣਤੰਤਰ ਦਿਵਸ ਤਲਵੰਡੀ ਸਾਬੋ ਵਿਖੇ ਧੂਮ-ਧਾਮ ਨਾਲ ਮਨਾਇਆ

ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਵਿਖੇ ਤਹਿਸੀਲ ਪੱਧਰੀ ਗਣਤੰਤਰ ਦਿਵਸ ਰਵਾਇਤੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਦਸ਼ਮੇਸ਼ ਸੀਨੀਆਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ ਹੋਏ ਸ਼ਾਨਦਾਰ ਸਮਾਗਮ ਦੌਰਾਨ ਸਥਾਨਕ ਐਸ. ਡੀ. ਐਮ. ਸ੍ਰ. ਹਰਜਿੰਦਰ ਸਿੰਘ ਜੱਸਲ ਨੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਵੱਖ-ਵੱਖ ਸਕੂਲਾਂ ਦੇ ਐਨ.ਸੀ.ਸੀ. ਕੈਡਿਟਾਂ ਦੇ ਸ਼ਾਨਦਾਰ ਮਾਰਚ ਪਾਸਟ ਤੋਂ ਸਲਾਮੀ ਲਈ। ਪ੍ਰੋਗਰਾਮ ਦੀ ਸ਼ੁਰੂਆਤ ਮੇਜ਼ਬਾਨ ਸਕੂਲ ਦੇ ਬੱਚਿਆਂ ਵੱਲੋਂ ਰਾਸ਼ਟਰ ਗਾਣ ਨਾਲ ਕੀਤੀ ਗਈ। ਇਸ ਮੌਕੇ ਮਾਨਯੋਗ ਹਰਜਿੰਦਰ ਸਿੰਘ ਜੱਸਲ ਨੇ ਆਪਣੇ ਸੰਦੇਸ਼ ਵਿੱਚ ਵੱਡੀਆਂ ਕੁਰਬਾਨੀਆਂ ਨਾਲ ਪ੍ਰਾਪਤ ਆਜ਼ਾਦੀ ਨੂੰ ਹਰ ਕੀਮਤ 'ਤੇ ਸੰਭਾਲਣ ਅਤੇ ਦੇਸ਼-ਭਗਤਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਦੀ ਗੱਲ ਕਹੀ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਸਿਹਤ ਤੇ ਸਿੱਖਿਆ ਦੇ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਵਜੋਂ ਆਮ ਆਦਮੀ ਕਲੀਨਿਕ ਅਤੇ ਸਕੂਲ ਆਫ਼ ਐਮੀਨੈਂਸ ਦਾ ਜਿਕਰ ਵੀ ਕੀਤਾ। ਸਮਾਗਮ ਦੌਰਾਨ ਐਸ.ਡੀ.ਐਮ ਹਰਜਿੰਦਰ ਸਿੰਘ ਜੱਸਲ ਦੀ ਅਗਵਾਈ ਵਿਚ ਪੁਲਿਸ ਪ੍ਰਸ਼ਾਸਨ ਨੇ ਪੂਰੀ ਮੁਸ਼ਤੈਦੀ ਨਾਲ ਡਿਊਟੀਆਂ ਸੰਭਾਲੀਆਂ ਹੋਈਆਂ ਸਨ। ਸਮਾਗਮ ਦੌਰਾਨ ਹੋਏ ਸੱਭਿਆਚਾਰਕ ਪ੍ਰੋਗਰਾਮ ਵਿੱਚ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦੀ ਟੀਮ ਗੱਤਕੇ ਦੇ ਜ਼ੌਹਰ, ਸਰਕਾਰੀ ਸਕੂਲ ਸ਼ੇਖਪੁਰਾ ਦਾ ਗਿੱਧਾ ਅਤੇ ਦਸ਼ਮੇਸ਼ ਸਕੂਲ ਤਲਵੰਡੀ ਸਾਬੋ ਦੇ ਭੰਗੜੇ ਨੇ ਦਰਸ਼ਕਾਂ ਨੂੰ ਝੂਮਣ ਲਾ ਦਿੱਤਾ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪੇਸ਼ਕਾਰੀਆਂ ਨਾਲ ਸਭ ਦਾ ਮਨ ਮੋਹ ਲਿਆ। ਸਮਾਗਮ ਵਿੱਚ ਮਾਨਯੋਗ ਜੱਜ ਸਾਹਿਬ ਸ਼੍ਰੀ ਸੁਧੀਰ ਕੁਮਾਰ, ਰਣਵੀਰ ਸਿੰਘ ਤਹਿਸੀਲਦਾਰ ਤਲਵੰਡੀ ਸਾਬੋ, ਸ੍ਰੀ ਰਾਜੇਸ਼ ਸਨੇਹੀ ਉਪ ਕਪਤਾਨ ਤਲਵੰਡੀ ਸਾਬੋ, ਗੁਰਮੇਜ ਸਿੰਘ ਏ ਐੱਸ ਆਈ ਰਾਮਾਂ, ਕ੍ਰਿਸ਼ਨ ਸਿੰਘ, ਮੇਜਰ ਸਿੰਘ ਧਾਲੀਵਾਲ ਬੀਡੀਪੀਓ, ਵਿਪਨ ਕੁਮਾਰ ਈਓ ਤਲਵੰਡੀ ਸਾਬੋ, ਦਸ਼ਮੇਸ਼ ਸਕੂਲ ਦੇ ਪ੍ਰਿੰਸੀਪਲ ਸਾਨੀਆ ਕਾਮਰਾ ਸਮੇਤ ਅਨੇਕਾਂ ਸ਼ਖ਼ਸ਼ੀਅਤਾਂ ਹਾਜ਼ਰ ਸਨ। ਜਿਨ੍ਹਾਂ ਦੀ ਹਾਜ਼ਰੀ ਵਿੱਚ ਦੇਸ਼ ਲਈ ਕੁਰਬਾਨੀਆਂ ਕਰਨ ਵਾਲੇ ਸੁਤੰਤਰਤਾ ਸੰਗਰਾਮੀਆਂ ਤੇ ਉਹਨਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਮਹਿਕਮਿਆਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਕਰਮਚਾਰੀਆਂ ਅਤੇ ਖੇਡਾਂ 'ਚ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਸੱਭਿਆਚਾਰਕ ਪੇਸ਼ਕਾਰੀਆਂ ਕਰਨ ਵਾਲੇ ਸਮੂਹ ਵਿਦਿਆਰਥੀਆਂ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਸਮੁੱਚੇ ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਦੀ ਡਿਊਟੀ ਮਾਸਟਰ ਰੇਵਤੀ ਪ੍ਰਸ਼ਾਦ ਜੀ ਅਤੇ ਮਾਸਟਰ ਬੂਟਾ ਸਿੰਘ ਸੁਨਾਮੀ ਨੇ ਬਾਖ਼ੂਬੀ ਨਿਭਾਈ। ਅੰਤ ਵਿੱਚ ਰਾਸ਼ਟਰ-ਗਾਣ ਨਾਲ ਹੀ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।

# ਪੰਜਾਬੀ ਗਾਇਕ ਸੁਖ-ਇੰਦਰ ਦੇ ਟਰੈਕ ਮਿਰਜ਼ਾਪੁਰ ਦੀ ਗੂੰਜ ਸਿਖਰਾਂ 'ਤੇ



**ਅਮਰੀਕਾ ਨਕੋਦਰ ਮਹਿਤਪੁਰ (ਹਰਜਿੰਦਰ ਪਾਲ ਛਾਬੜਾ)**-ਪੰਜਾਬੀ ਗਾਇਕ ਸੁਖ-ਇੰਦਰ ਦਾ ਗਾਣਾ ਮਿਰਜ਼ਾਪੁਰ ਅੱਜਕੱਲ ਪੂਰੀ ਤਰ੍ਹਾਂ ਚਰਚਾ ਵਿੱਚ ਹੈ। ਪਿਛਲੇ ਦਿਨੀਂ 23 ਤਾਰੀਖ ਨੂੰ ਰਿਲੀਜ਼ ਹੋਇਆ ਇਹ ਟਰੈਕ ਤਿੰਨ ਦਿਨਾਂ ਵਿੱਚ ਹੀ ਯੂ ਟਿਊਬ ਤੇ 84000 ਵਿਊ ਪ੍ਰਾਪਤ ਕਰਨ ਵਿੱਚ ਕਾਮਯਾਬ ਰਿਹਾ ਹੈ। ਇਸਦੇ ਨਾਲ ਹੀ ਅੱਜਕੱਲ ਇਹ ਲੋਕਾਂ ਦੀ ਜ਼ੁਬਾਨ ਤੋਂ ਵੀ ਆਮ ਹੀ ਸੁਣਨ ਨੂੰ ਮਿਲ ਰਿਹਾ ਹੈ। ਸੁਖ-ਇੰਦਰ ਦੁਆਰਾ ਗਾਇਆ, ਟੌਹਰ ਦੀ ਕਲਮ ਲਿਖਿਆ ਅਤੇ ਸਨੈਪੀ ਦੇ ਮਿਊਜ਼ਕਿ ਵਿੱਚ ਬੁਣਿਆ ਹੋਇਆ ਇਹ ਗੀਤ ਅਜੋਕੇ ਯੂਥ ਦੀ ਡਿਮਾਂਡ ਅਨੁਸਾਰ ਸਰੋਤਿਆਂ ਦੇ ਦਿਲਾਂ ਤੇ ਆਪਣੀ ਵੱਖਰੀ ਛਾਪ ਛੱਡ ਰਿਹਾ ਹੈ। ਉਮੀਦ ਕਰਦੇ ਹਾਂ ਕਿ ਜਲਦ ਹੀ ਸਾਨੂੰ ਇਸ ਟੀਮ ਰਾਹੀਂ ਹਰ ਸ਼ੈਲੀ ਦਾ ਗਾਣਾ ਸੁਣਨ ਨੂੰ ਮਿਲਦਾ ਰਹੇਗਾ।

# ਖ਼ਾਲਸਾ ਕਾਲਜ ਵੂਮੈਨ ਵਿਖੇ 'ਇਨਵੈਸਟਰ ਅਵੇਅਰਨੈਸ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ

ਅੰਮ੍ਰਿਤਸਰ, 27 ਜਨਵਰੀ ( ਆਵਾਜ਼ਿ ਕੌਮ ਬਿਊਰੋ)-ਖ਼ਾਲਸਾ ਕਾਲਜ ਫ਼ਾਰ ਵੂਮੈਨ ਦੇ ਪਲੇਸਮੈਂਟ ਸੈੱਲ ਵੱਲੋਂ ਸਕਿਉਰਿਟੀਜ਼ ਐਂਡ ਐਕਸਚੇਂਜ ਬੋਰਡ ਆਫ਼ ਇੰਡੀਆ (ਐਸ. ਈ. ਬੀ. ਆਈ.) ਅਤੇ ਨੈਸ਼ਨਲ ਸਟਾਕ ਐਕਸਚੇਂਜ ਦੇ ਸਹਿਯੋਗ ਨਾਲ 'ਇਨਵੈਸਟਰ ਅਵੇਅਰਨੈੱਸ ਪ੍ਰੋਗਰਾਮ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਕਰਵਾਏ ਇਸ ਪ੍ਰੋਗਰਾਮ 'ਚ ਸੈਬੀ (ਐਸ. ਈ. ਬੀ. ਆਈ.) ਦੇ ਐਗਜੈਕਟਿਵ ਡਾਇਰੈਕਟਰ ਸ੍ਰੀ ਐੱਸ. ਵੀ. ਮੁਰਲੀਧਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰਿੰ: ਡਾ. ਸੁਰਿੰਦਰ ਕੌਰ ਨੇ ਸ੍ਰੀ ਮੁਰਲੀਧਰ ਨੂੰ ਪੌਦਾ ਭੇਟ ਕਰਦੇ ਰਸਮੀ ਤੌਰ 'ਤੇ ਜੀ ਆਇਆ ਕਿਹਾ। ਇਸ ਮੌਕੇ ਸ੍ਰੀ ਮੁਰਲੀਧਰ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਆਰਥਿਕ ਵਿੱਦਿਆ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੈਬੀ ਦੇ ਇਨਵੈਸਟਰ ਦੀ ਪੂੰਜੀ ਦੇ ਸਹੀ ਨਿਵੇਸ਼ ਲਈ ਯੋਗਦਾਨ ਪ੍ਰਤੀ ਸੁਚੇਤ ਕੀਤਾ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਮਿਊਚਲ ਫੰਡ ਅਤੇ ਸਿਪ (ਐਸ. ਆਈ. ਪੀ.) ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਐਨ. ਆਰ. ਓ- ਐਨ. ਐਸ. ਈ. ਦੇ ਰੀਜ਼ਨਲ ਹੈੱਡ ਸ. ਜੋਗਿੰਦਰ ਸਿੰਘ ਨੇ ਵਿਦਿਆਰਥਣਾਂ ਨੂੰ ਕੰਪਾਊਡਿੰਗ ਅਤੇ ਹੋਰ ਨਿਵੇਸ਼ ਯੋਜਨਾਵਾਂ ਪ੍ਰਤੀ ਜਾਗਰੂਕ ਕੀਤਾ। ਸੈਮੀਨਾਰ ਦੇ ਅੰਤਲੇ ਸੈਸ਼ਨ 'ਚ ਵਿਦਿਆਰਥਣਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ। ਇਸ ਦੌਰਾਨ ਪ੍ਰਿੰ: ਡਾ. ਸੁਰਿੰਦਰ ਕੌਰ ਨੇ ਵਿਦਵਾਨ ਬੁਲਾਰਿਆਂ ਦਾ ਧੰਨਵਾਦ ਕਰਦਿਆਂ ਵਿਦਿਆਰਥਣਾਂ ਨੂੰ ਇਹੋ ਜਿਹੇ ਵਿਸ਼ਿਆਂ 'ਤੇ ਕਰਵਾਏ ਜਾਣ ਵਾਲੇ ਸੈਮੀਨਾਰ ਤੇ ਗਿਆਨ ਹਾਸਲ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਸਟਾਫ਼ ਤੋਂ ਇਲਾਵਾ ਵਿਦਿਆਰਥਣਾਂ ਹਾਜ਼ਰ ਸਨ।

# ਪੁਲਿਸ ਚੌਂਕੀ ਫੈਜਪੁਰਾ ਦੇ ਇੰਚਾਰਜ਼ ਸਬ ਇੰਸਪੈਕਟਰ ਸਤਪਾਲ ਸਿੰਘ ਵੱਲੋਂ 50 ਗ੍ਰਾਮ ਹੈਰੋਇੰਨ ਸਮੇਤ 01ਦੋਸ਼ੀ ਨੂੰ ਕੀਤਾ ਕਾਬੂ

## ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ ਵਿੱਚ ਬਖਸ਼ਿਆ ਨਹੀਂ ਜਾਵੇਗਾ: ਚੌਕੀ ਇੰਚਾਰਜ ਸਬ ਇੰਸਪੈਕਟਰ ਸਤਪਾਲ ਸਿੰਘ

ਅੰਮ੍ਰਿਤਸਰ, 27 ਜਨਵਰੀ ( ਆਵਾਜ਼ਿ ਕੌਮ ਬਿਊਰੋ)-ਥਾਣਾ ਮਜੀਠਾ ਰੋਡ,ਅੰਮ੍ਰਿਤਸਰ ਦੇ ਐੱਸ ਐਚ ਓ, ਸਬ ਇੰਸਪੈਕਟਰ ਖੁਸ਼ਬੂ ਸ਼ਰਮਾਂ ਦੀ ਨਿਗਰਾਨੀ ਹੇਠ ਐਸ.ਆਈ ਸਤਪਾਲ ਸਿੰਘ ਇੰਚਾਂਰਜ਼ ਪੁਲਿਸ ਚੌਕੀ ਫੈਜ਼ਪੁਰਾ ਸਮੇਤ ਪੁਲਿਸ ਪਾਰਟੀ ਵੱਲੋਂ ਇੱਕ ਵਿਅਕਤੀ ਨੂੰ ਕਾਬੂ ਕਰਕੇ 50 ਗ੍ਰਾਮ ਹੈਰੋਇੰਨ ਬ੍ਰਾਮਦ ਕੀਤੀ ਹੈ। ਥਾਣਾ ਮਜੀਠਾ ਰੋਡ ਦੇ ਐੱਸ ਐਚ ਓ ਖੁਸ਼ਬੂ ਸ਼ਰਮਾ ਨੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੁਲਿਸ ਪਾਰਟੀ ਵੱਲੋਂ ਗਸ਼ਤ ਦੌਰਾਨ ਲਾਲ ਕੁਆਟਰ ਦੇ ਖੇਤਰ ਤੋਂ ਇੱਕ ਵਿਅਕਤੀ ਜਗਜੀਤ ਸਿੰਘ ਉਰਫ਼ ਜੱਗਾ ਪੁੱਤਰ ਸਰਬਜੀਤ ਸਿੰਘ ਵਾਸੀ ਗਲੀ ਘੁਮਿਆਰਾ ਵਾਲੀ, ਨਵੀਂ ਅਬਾਦੀ ਫੈਜ਼ਪੁਰਾ,ਅੰਮ੍ਰਿਤਸਰ ਨੂੰ ਕਾਬੂ ਕਰਕੇ ਇਸ ਪਾਸੋਂ 50 ਗ੍ਰਾਮ ਹੈਰੋਇੰਨ ਬ੍ਰਾਮਦ ਕੀਤੀ ਗਈ। ਇਸ ਪਾਸੋਂ ਬਾਰੀਕੀ ਨਾਲ ਪੁੱਛਗਿੱਛ ਕਰਕੇ ਬੈਕਵਰਡ ਤੇ ਫਾਰਵਰਡ ਲਿੰਕ ਬਾਰੇ ਪਤਾ ਕੀਤਾ ਜਾਵੇਗਾ।

### ਜ਼ਿਲਾ ਤਰਨਤਾਰਨ ਦੇ ਪਿੰਡ ਵਰਨਾਲਾ ਬਹਿਕਾ ਵਿਖੇ

# ਗੁਰਦੁਆਰਾ ਸ਼ਹੀਦ ਸਿੰਘਾਂ ਸਾਹਿਬ ਦਾ ਨੀਂਹ ਪੱਥਰ ਰੱਖਿਆ ਗਿਆ

## ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਪਹੁੰਚ ਕੇ ਹਾਜਰੀ ਭਰੀ







ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)ਜ਼ਿਲਾ ਤਰਨਤਾਰਨ ਦੇ ਪਿੰਡ ਵਰਨਾਲਾ ਬਹਿਕਾ ਵਿਖੇ ਗੁਰਦੁਆਰਾ ਸ਼ਹੀਦ ਸਿੰਘਾਂ ਸਾਹਿਬ ਦਾ ਨੀਂਹ ਪੱਥਰ ਰੱਖਿਆ ਗਿਆ।ਨੀਂਹ ਪੱਥਰ ਰੱਖਣ ਤੋਂ ਪਹਿਲਾਂ ਗੁਰਮਤਿ ਸਮਾਗਮ ਕੀਤਾ ਗਿਆ।ਜਿਸ ਵਿਚ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਪਹੁੰਚ ਕੇ ਹਾਜਰੀ ਭਰੀ।ਇਸ ਮੌਕੇ ਬਾਬਾ ਗੁਰ ਸਾਹਿਬ ਸਿੰਘ ਜੀ ਮੁੱਖ ਸੇਵਾਦਾਰ ਸਮਾਗਮ ਸੇਵਕ ਵਰਨਾਲਾ,ਭਾਈ ਦਲੇਰ ਸਿੰਘ ਜੀ ਮੱਲੀ ,ਸੰਤ ਬਾਬਾ ਰੇਸ਼ਮ ਸਿੰਘ ਜੀ, ਡਾਕਟਰ ਗੁਰਬਖਸ਼ ਸਿੰਘ ਵਰਨਾਲਾ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਜਦੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੰਗਤਾਂ ਨੇ

# ਨਗਰ ਕੀਰਤਨ ਦੇ ਰੂਪ ਵਿੱਚ ਸ਼ਰਧਾ ਅਤੇ ਸਤਿਕਾਰ ਸਹਿਤ ਘਰ ਲਿਆਂਦਾ

## ਵੱਡੀ ਗਿਣਤੀ ਵਿੱਚ ਗੁਰਸੰਗਤਾਂ, ਨਹਿੰਗ ਸਿੰਘ ਫ਼ੌਜਾਂ ਨੇ ਵਾਹਿਗੁਰੂ ਦਾ ਸਿਮਰਨ ਕਰਦੇ ਹੋਏ ਸ਼ਰਧਾ ਅਤੇ ਸਤਿਕਾਰ ਦਾ ਸਬੂਤ ਦਿੱਤਾ









ਜਗਰਾਉਂ - (ਵਰਿਆਮ ਹਠੂਰ) ਤਹਿਸੀਲ ਜਗਰਾਉਂ ਦੇ ਰਾਣੀ ਵਾਲਾ ਖੂਹ ਨਜ਼ਦੀਕ ਪੈਂਦੇ ਭਾਈ ਬਲਵੰਤ ਸਿੰਘ ਜੀ ਉਰਫ਼ ਕਾਕਾ (ਬਿਜਲੀ ਵਾਲੇ) ਦੇ ਗ੍ਰਹਿ ਵਿਖੇ ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਪ੍ਰਕਾਸ਼ ਕਰਨ ਦੇ ਪਹਿਲੇ ਦਿਨ ਜਦੋਂ ਗੁਰੂ ਸਾਹਿਬ ਦੇ ਪਾਵਨ ਸਰੂਪ ਲਿਆਂਦੇ ਗਏ ਤਾਂ ਵੱਡੀ ਗਿਣਤੀ ਵਿੱਚ ਗੁਰਸੰਗਤਾਂ, ਨਹਿੰਗ ਸਿੰਘ ਫ਼ੌਜਾਂ ਨੇ ਨਗਰ ਕੀਰਤਨ ਦੇ ਰੂਪ ਵਿੱਚ ਗੁਰੂ ਸਾਹਿਬ ਦਾ ਬੇਹੱਦ ਸ਼ਰਧਾ ਅਤੇ ਸਤਿਕਾਰ ਦਾ ਸਬੂਤ ਦਿੰਦੇ ਹੋਏ ਸਿਮਰਨ ਕਰਦਿਆਂ ਗੁਰੂ ਸਾਹਿਬ ਦੇ ਮੁਬਾਰਕ ਚਰਨ ਪਵਾਏ। ਤਿੰਨੇ ਦਿਨ ਪਾਠੀ ਸਿੰਘਾਂ, ਪਰਿਵਾਰ ਅਤੇ ਸੇਵਾਦਾਰਾਂ ਨੇ ਤਨ ਮਨ ਧਨ ਨਾਲ ਸੇਵਾਵਾਂ ਕੀਤੀਆਂ, ਤੇ ਕਥਾ ਕੀਰਤਨ ਦਾ ਅਨੰਦ ਮਾਣਿਆ। ਭੋਗ ਵਾਲੇ ਦਿਨ ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ। ਭੋਗ ਉਪਰੰਤ ਬਾਬਾ ਗੁਰਚਰਨ ਸਿੰਘ ਜੀ ਦਲੇਰ (ਜਗਰਾਉਂ ਵਾਲੇ) ਨੇ ਕਥਾ ਕੀਰਤਨ ਰਾਹੀਂ ਇਕੱਤਰ ਗੁਰਸੰਗਤਾਂ ਦਾ ਦਿਲ ਮੋਹ ਲਿਆ, ਨਾਨਕਸਰ ਤੋਂ ਮਹਾਂਪੁਰਖਾਂ ਅਤੇ ਸੇਵਾਦਾਰਾਂ ਨੇ ਆਪਣੀਆਂ ਹਾਜ਼ਰੀਆਂ ਭਰੀਆਂ, ਹੋਰ ਵੱਖ ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਨੇ ਵੀ ਆਪਣੀ ਹਾਜ਼ਰੀ ਭਰੀ, ਭਾਈ ਬਲਵੰਤ ਸਿੰਘ ਜੀ ਉਰਫ਼ ਕਾਕਾ (ਬਿਜਲੀ ਵਾਲੇ) ਅਤੇ ਸਮੂਹ ਪਰਿਵਾਰ ਨੇ ਜਿੱਥੇ ਕਥਾਵਾਚਕ ਬਾਬਾ ਗੁਰਚਰਨ ਸਿੰਘ ਜੀ ਦਲੇਰ ਜਗਰਾਉਂ ਵਾਲਿਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਉੱਥੇ ਨਾਨਕਸਰ ਤੋਂ ਪੁੱਜੇ ਮਹਾਂਪੁਰਖਾਂ ਅਤੇ ਸੇਵਾਦਾਰਾਂ ਸਮੇਤ ਪਾਠੀ ਸਿੰਘਾਂ, ਤੇ ਹੋਰ ਪੁੱਜੀਆਂ ਸ਼ਖ਼ਸੀਅਤਾਂ ਦਾ ਸਿਰੋਪਾਓ ਅਤੇ ਡੱਬੇ ਦੇ ਕੇ ਸਨਮਾਨਿਤ ਕੀਤਾ ਗਿਆ, ਕਥਾ ਵਾਚਕ ਬਾਬਾ ਗੁਰਚਰਨ ਸਿੰਘ ਜੀ ਦਲੇਰ ਅਤੇ ਪਾਠੀ ਸਿੰਘਾਂ ਨੂੰ ਸੁੰਦਰ ਜਾਕਟਾਂ ਦੇ ਕੇ ਸਨਮਾਨਿਤ ਕੀਤਾ। ਅੰਤ ਵਿੱਚ ਪਰਿਵਾਰ ਨੇ ਗ੍ਰਹਿ ਵਿਖੇ ਹਾਜ਼ਰੀਆਂ ਭਰਨ ਲਈ ਸਮੂਹ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਜਿਸ ਤਰ੍ਹਾਂ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨਗਰ ਕੀਰਤਨ ਦੇ ਰੂਪ ਵਿੱਚ ਘਰ ਲਿਆਂਦੇ ਉਸੇ ਤਰ੍ਹਾਂ ਅਰਦਾਸ ਉਪਰੰਤ ਸਮਾਪਤੀ ਤੋਂ ਬਾਅਦ ਨਗਰ ਕੀਰਤਨ ਦੇ ਰੂਪ ਵਿੱਚ ਹੀ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਗੁਰੂ ਸਾਹਿਬ ਦਾ ਸ਼ਰਧਾ ਅਤੇ ਸਤਿਕਾਰ ਕਰਦਿਆਂ, ਸਤਿਨਾਮ ਵਾਹਿਗੁਰੂ ਦਾ ਜਾਪ ਕਰਦੇ ਹੋਏ ਗੁਰੂ ਘਰ ਸੁਖ ਆਸਣ ਕਰਵਾਇਆ, ਗੁਰੂ ਸਾਹਿਬ ਦੀ ਆਪਾਰ ਕਿਰਪਾ ਸਦਕਾ ਪਰਿਵਾਰ ਦੇ ਗ੍ਰਹਿ ਵਿਖੇ ਵੱਖ ਵੱਖ ਪਕਵਾਨਾਂ ਦੇ ਲੰਗਰ ਵੀ ਚੱਲੇ, ਇਸ ਮੌਕੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243